ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On
Visit on facebook
https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਮੰਗਲਵਾਰ, 9 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅਨੰਦਪੁਰ ਸਾਹਿਬ ਵਿਖੇ ਮੱਥਾ ਟੇਕ ਪਰਤ ਰਹੀ ਗੱਡੀ ਹਾਦਸੇ ਦਾ ਸ਼ਿਕਾਰ, ਤਿੰਨ ਮੌਤਾਂ, 23 ਯਾਤਰੀ ਜ਼ਖਮੀ

**ਆਨੰਦਪੁਰ ਸਾਹਿਬ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਕਪੂਰਥਲਾ ਦੇ ਗੋਇੰਦਵਾਲ ਸਾਹਿਬ ਰੋਡ 'ਤੇ ਥਾਣਾ ਫੱਤੂਢੀਂਗਾ ਨੇੜੇ ਮਹਿੰਦਰਾ ਬਲੇਰੋ ਪਿਕਅੱਪ ਤੇ ਵਰਨਾ ਕਾਰ ਵਿਚਾਲੇ ਜ਼ਬਰਦਸਤ ਟੱਕਰ ਹੋ ਗਈ। ਇਸ ਹਾਦਸੇ 'ਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ, ਜਦਕਿ 23 ਲੋਕ ਗੰਭੀਰ ਜ਼ਖਮੀ ਹੋ ਗਏ। ਜ਼ਖਮੀਆਂ ਨੂੰ 108 ਐਂਬੂਲੈਂਸ ਦੀ ਮਦਦ ਨਾਲ ਇਲਾਜ ਲਈ ਸਿਵਲ ਹਸਪਤਾਲ ਕਪੂਰਥਲਾ ਦਾਖਲ ਕਰਵਾਇਆ ਗਿਆ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਫੱਤੂਢੀਂਗਾ ਦੀ ਪੁਲਿਸ ਨੇ ਜ਼ਖਮੀਆਂ ਨੂੰ ਹਸਪਤਾਲ 'ਚ ਦਾਖਲ ਕਰਵਾ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਸਲ ਜਾਣਕਾਰੀ ਮੁਤਾਬਕ ਮਹਿੰਦਰਾ ਬੋਲੈਰੋ ਪਿਕਅੱਪ (ਪੀਬੀ-04-ਵੀ-7132) 'ਚ ਸਵਾਰ ਵਿਅਕਤੀ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਨੰਗਲੀ ਦੇ ਵਸਨੀਕ ਹਨ। ਉਹ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੱਥਾ ਟੇਕ ਕੇ ਵਾਪਸ ਪਿੰਡ ਆ ਰਹੇ ਸਨ। ਰਸਤੇ 'ਚ ਫੱਤੂਢੀਂਗਾ ਨੇੜੇ ਮੁੰਡੀ ਮੋੜ ਉਪਰ ਵਰਨਾ ਕਾਰ (ਡੀਐੱਲ-8ਸੀ-ਏ.ਈ.-5075) ਨਾਲ ਟਕਰਾਉਣ ਕਾਰਨ ਹਾਦਸਾ ਵਾਪਰ ਗਿਆ। ਸੜਕ ਹਾਦਸੇ ਦੌਰਾਨ ਦੋਵੇਂ ਵਾਹਨ ਬੁਰੀ ਤਰ੍ਹਾਂ ਨੁਕਸਾਨੇ ਗਏ ਤੇ ਦੋ ਔਰਤਾਂ ਸਮੇਤ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਮ੍ਰਿਤਕ ਔਰਤਾਂ ਵਿੱਚ ਅਮਰੀਕ ਕੌਰ ਤੇ ਗੁਰਮੀਤ ਕੌਰ ਸ਼ਾਮਲ ਹਨ। ਕਾਰ ਚਾਲਕ ਗੁਰਪ੍ਰੀਤ ਸਿੰਘ ਗੋਪੀ ਵਾਸੀ ਸੁਲਤਾਨਪੁਰ ਲੋਧੀ ਦੀ ਵੀ ਮੌਕੇ 'ਤੇ ਹੀ ਮੌਤ ਹੋ ਗਈ।

## ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਤੇ ਸਿੱਖ ਲੀਡਰਾਂ ਦੀ ਗ੍ਰਿਫਤਾਰੀ

# ਧਾਰਮਿਕ ਅਧਿਕਾਰਾਂ 'ਤੇ ਡਾਕਾ : ਸਿੰਘ ਸਾਹਿਬ

**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੰਘਾਂ ਦੀ ਰਿਹਾਈ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸਜਾਏ ਜਾਣ ਵਾਲੇ ਖਾਲਸਾ ਚੇਤਨਾ ਮਾਰਚ ਦੇ ਮੱਦੇਨਜ਼ਰ ਸਿੱਖ ਆਗੂਆਂ ਦੀਆਂ ਕੀਤੀਆਂ ਜਾ ਰਹੀਆਂ ਗ੍ਰਿਫਤਾਰੀਆਂ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਉੱਪਰ ਡਾਕਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬੀਬੀ ਬਲਵਿੰਦਰ ਕੌਰ ਤੇ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ



ਆਵਾਜ਼ਿ ਕੌਮ AWAZE QAUM International Newspaper & WEB TV

ਦੀ ਗ੍ਰਿਫਤਾਰੀ ਦੀ ਨਿਖੇਧੀ ਵੀ ਕੀਤੀ। ਸਿੰਘ ਸਾਹਿਬ ਨੇ ਕਿਹਾ ਕਿ ਸਰਕਾਰ ਖ਼ਾਲਸਾ ਸਾਜਨਾ ਦਿਵਸ ਮੌਕੇ ਭੈਅ ਦਾ ਮਾਹੌਲ ਬਣਾਉਣ ਤੋਂ ਗੁ.ਰੇਜ਼ ਕਰੇ ਤੇ ਸੰਗਤਾਂ ਨੂੰ ਪ੍ਰੇਸ਼ਾਨੀ ਨਾ ਆਉਣ ਦੇਣ ਨੂੰ ਯਕੀਨੀ ਬਣਾਵੇ। ਦੱਸ ਦਈਏ ਕਿ ਖਾਲਿਸਤਾਨੀ ਸਮਰਥਕ ਤੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਤੇ 9 ਸਾਥੀਆਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿੱਚ ਤਬਦੀਲ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਵਿੱਚ ਚੇਤਨਾ ਮਾਰਚ ਕੱਢਿਆ ਜਾ ਰਿਹਾ ਹੈ। ਇਸ ਲਈ ਬੀਤੇ ਦਿਨ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ, ਚਾਚਾ ਸੁਖਚੈਨ ਸਿੰਘ ਤੇ 4 ਹੋਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ। ਦਰਅਸਲ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਨੂੰ ਲੈ ਕੇ ਅੱਜ ਬਠਿੰਡਾ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਇਹ ਚੇਤਨਾ ਮਾਰਚ ਕੱਢਿਆ ਜਾਣਾ ਹੈ। ਪ੍ਰਸ਼ਾਸਨ ਵੱਲੋਂ ਇਸ ਮਾਰਚ ਦੀ ਇਜਾਜ਼ਤ ਨਹੀਂ ਦਿੱਤੀ ਗਈ ਪਰ ਕੱਲ੍ਹ ਅੰਮ੍ਰਿਤਪਾਲ ਸਿੰਘ ਦੀ ਮਾਤਾ ਆਪਣੇ ਸਮਰਥਕਾਂ ਨਾਲ ਚੇਤਨਾ ਮਾਰਚ ਲਈ ਬਠਿੰਡਾ ਪਹੁੰਚ ਗਏ। ਇਸ ਤੋਂ ਬਾਅਦ ਪੁਲਿਸ ਨੇ ਕਾਰਵਾਈ ਕਰਦੇ ਹੋਏ ਅੰਮ੍ਰਿਤਪਾਲ ਸਿੰਘ ਦੀ ਮਾਤਾ, ਚਾਚਾ ਤੇ 4 ਹੋਰਾਂ ਨੂੰ ਹਿਰਾਸਤ ਵਿੱਚ ਲੈ ਲਿਆ। ਪੁਲਿਸ ਨੇ ਇਨ੍ਹਾਂ ਸਾਰਿਆਂ ਨੂੰ ਫੜ ਕੇ 4 ਦਿਨਾਂ ਦੀ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ।

## ਜੇਈਈ ਮੇਨਸ ਦੀ ਪ੍ਰੀਖਿਆ 'ਚ ਗੁਰਸਿੱਖ ਵਿਦਿਆਰਥੀਆਂ ਨੂੰ ਕੜਾ ਉਤਾਰਨ ਲਈ ਕੀਤਾ ਗਿਆ ਮਜਬੂਰ ਐਡਵੋਕੇਟ ਧਾਮੀ ਨੇ ਲਿਆ ਸਖਤ ਨੋਟਿਸ

**ਨਵੀਂ ਦਿੱਲੀ, 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ 6 ਅਪ੍ਰੈਲ ਨੂੰ ਮੋਹਾਲੀ ਵਿਖੇ ਕਰਵਾਏ ਗਏ ਜੇਈਈ ਮੇਨਸ ਦੇ ਪੇਪਰ ਦੌਰਾਨ ਸਿੱਖ ਵਿਦਿਆਰਥੀਆਂ ਦੇ ਕੜੇ ਉਤਰਵਾਉਣ ਅਤੇ ਕੜਿਆਂ ਉੱਪਰ ਟੇਪ ਲਗਾਉਣ ਦੇ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਨੋਟਿਸ ਲੈਂਦਿਆਂ ਪੜਤਾਲ ਦੇ ਆਦੇਸ਼ ਦਿੱਤੇ ਹਨ। ਇਸ ਸਬੰਧ ਵਿੱਚ ਪੜਤਾਲ ਦੇ ਨਾਲ-ਨਾਲ ਐਡਵੋਕੇਟ ਧਾਮੀ ਨੇ ਨੈਸ਼ਨਲ ਟੈਸਟਿੰਗ ਏਜੰਸੀ ਦੇ ਚੇਅਰਮੈਨ ਨੂੰ ਪੱਤਰ ਲਿਖ ਕੇ ਸਿੱਖਾਂ ਨਾਲ ਹੁੰਦੇ ਇਸ ਵਿਤਕਰੇ ਪ੍ਰਤੀ ਸਖ਼ਤ ਇਤਰਾਜ਼ ਪ੍ਰਗਟ ਕਰਨ ਲਈ ਵੀ ਆਖਿਆ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਇਸ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਕ ਸਿੱਖ ਪ੍ਰੀਖਿਆਰਥੀ ਵੱਲੋਂ ਸੰਸਥਾ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਉਸ ਦਾ ਮਿਤੀ 6 ਅਪ੍ਰੈਲ ਨੂੰ ਮੋਹਾਲੀ ਦੇ ਇੱਕ ਪ੍ਰਾਈਵੇਟ ਕੇਂਦਰ ਵਿਖੇ ਨੈਸ਼ਨਲ ਟੈਸਟਿੰਗ ਏਜੰਸੀ ਜ਼ਰੀਏ ਕਰਵਾਇਆ ਜਾਂਦਾ ਜੇਈਈ ਮੇਨਸ ਦਾ ਪੇਪਰ ਸੀ। ਉਨ੍ਹਾਂ ਕਿਹਾ ਕਿ ਸਿੱਖ ਪ੍ਰੀਖਿਆਰਥੀ ਅਨੁਸਾਰ ਪੇਪਰ ਕੇਂਦਰ ਦੇ ਸਟਾਫ਼ ਵੱਲੋਂ ਉਸ ਨੂੰ ਜ਼ਬਰਦਸਤੀ ਕੜਾ ਉਤਾਰਨ ਲਈ ਕਿਹਾ ਗਿਆ, ਜੋ ਕਿ ਬਰਦਾਸ਼ਤਯੋਗ ਨਹੀਂ ਅਤੇ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸਿੱਖ ਪ੍ਰੀਖਿਆਰਥੀ ਨੇ ਇਸ ਜ਼ਬਰਦਸਤੀ ਦਾ ਵਿਰੋਧ ਕੀਤਾ ਤਾਂ ਉਸ ਦੇ ਕੜੇ ਉੱਪਰ ਟੇਪ ਲਗਾ ਕੇ ਹੀ ਉਸ ਨੂੰ ਪੇਪਰ ਵਿੱਚ ਬੈਠਣ ਦਿੱਤਾ ਗਿਆ। ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਪੇਪਰ ਕੇਂਦਰਾਂ ਵੱਲੋਂ ਸਿੱਖ ਪ੍ਰੀਖਿਆਰਥੀਆਂ ਨਾਲ ਕੀਤਾ ਜਾਂਦਾ ਵਿਤਕਰਾ ਉਨ੍ਹਾਂ ਦੀ ਮਾਨਸਿਕਤਾ ਨੂੰ ਸੱਟ ਮਾਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਪੇਪਰ ਤੋਂ ਪਹਿਲਾਂ ਸਬੰਧਤ ਏਜੰਸੀਆਂ ਦੇ ਸਟਾਫ਼ ਮੈਂਬਰਾਂ ਵੱਲੋਂ ਸਿੱਖ ਪ੍ਰੀਖਿਆਰਥੀਆਂ ਨਾਲ ਅਜਿਹਾ ਵਿਹਾਰ ਉਨ੍ਹਾਂ ਦੀ ਮਾਨਸਿਕਤਾ ਉੱਤੇ ਅਸਰ ਪਾਉਂਦਾ ਹੈ ਜਿਸ ਨਾਲ ਪੇਪਰ ਵਿੱਚ ਕਾਰਗੁਜ਼ਾਰੀ ਉੱਤੇ ਵੀ ਅਸਰ ਪੈਂਦਾ ਹੈ।



## ਕਾਂਗਰਸ ਦੇ ਸਾਬਕਾ ਮੁੱਖ ਮੰਤਰੀ ਨੇ ਨੰਗੇ ਸਿਰ ਸਾਥੀਆਂ ਨੂੰ ਲਿਜਾ ਕੇ ਗੁਰੂਘਰ ਟੇਕਿਆ ਮੱਥਾ



**ਨਵੀਂ ਦਿੱਲੀ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਲੀਡਰਾਂ ਦੇ ਧਾਰਮਿਕ ਥਾਵਾਂ ਦੇ ਗੇੜੇ ਵੀ ਵਧ ਗਏ ਹਨ ਅਜਿਹੇ ਵਿੱਚ ਛੱਡੀਤਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ ਦੀ ਇੱਕ ਵੀਡੀਓ ਸਾਹਮਣੇ ਆਈ ਹੈ ਜਿਸ ਵਿੱਚ ਉਹ ਗੁਰੂਘਰ ਵਿੱਚ ਟੋਪੀ ਲੈ ਕੇ ਮੱਥਾ ਟੇਕਣ ਪਹੁੰਚਦੇ ਹਨ, ਇੱਥੋਂ ਕਿ ਉਨ੍ਹਾਂ ਦੇ ਸਾਥੀ ਤਾਂ ਨੰਗੇ ਸਿਰ ਦੀ ਮੱਥਾ ਟੇਕਣ ਜਾਂਦੇ ਹਨ। ਇਸ ਵੀਡੀਓ ਦੇ ਵਾਇਰਲ ਹੋਣ ਚੋਂ ਬਾਅਦ ਸਿੱਖ ਸਮਾਜ ਵੱਲੋਂ ਇਸ ਦਾ ਵਿਰੋਧ ਕੀਤਾ ਜਾ ਰਿਹਾ ਹੈ। ਦਰਅਸਲ, ਭੁਪੇਸ਼ ਬਘੇਲ ਚੋਣ ਪ੍ਰਚਾਰ ਦੌਰਾਨ ਰਾਜਨੰਦਗਾਓਂ ਦੇ ਬਾਘਨਦੀ ਪਹੁੰਚੇ ਜਿੱਥੇ ਉਹ ਗੁਰੂਘਰ ਵਿੱਚ ਮੱਥਾ ਟੇਕਣ ਲਈ ਗਏ। ਇਸ ਮੌਕੇ ਉਨ੍ਹਾਂ ਨਾਲ ਡੋਂਗਰਗਾਓਂ ਦੇ ਵਿਧਾਇਕ ਤੇ ਹੋਰ ਕਾਂਗਰਸੀ ਵਰਕਰ ਮੌਜੂਦ ਸਨ। ਉਨ੍ਹਾਂ ਸਾਰਿਆਂ ਦੇ ਸਿਰ ਨੰਗੇ ਸਨ ਤੇ ਪੈਰਾਂ ਵਿੱਚ ਜ਼ੁਰਾਬਾਂ ਪਾਈਆਂ ਹੋਈਆਂ ਸਨ। ਇਸ ਦੀ ਵੀਡੀਓ ਭਾਰਤੀ ਜਨਤਾ ਪਾਰਟੀ ਦੇ ਆਗੂ ਮਨਜਿੰਦਰ ਸਿੰਘ ਸਿਰਸਾ ਨੇ ਸੋਸ਼ਲ ਮੀਡੀਆ ਉੱਤੇ ਸਾਂਝੀ ਕੀਤੀ ਹੈ। ਸਿਰਸਾ ਨੇ ਲਿਖਿਆ ਇਹ ਵੀਡੀਓ ਦੇਖ ਕੇ ਦੁੱਖ ਹੋਇਆ ਕਿ ਛੱਤੀਸਗੜ੍ਹ ਦੇ ਸਾਬਕਾ ਕਾਂਗਰਸੀ ਸੀ.ਐਮ ਭੁਪੇਸ਼ ਬਘੇਲ ਜੀ ਗੁਰਦੁਆਰੇ ਇਸ ਤਰ੍ਹਾਂ ਗਏ ਜਿਵੇਂ ਕਿਸੇ ਬਾਗ. ਵਿੱਚ ਸੈਰ ਕਰ ਰਹੇ ਹੋਣ। ਉਨ੍ਹਾ ਨੇ ਸਿੱਖ ਰਹਿਤ ਮਰਿਆਦਾ ਭੰਗ ਕੀਤੀ ਤੇ ਉਨ੍ਹਾਂ ਦੇ ਸਾਥੀਆਂ ਨੇ ਤਾਂ ਸਿਰ ਵੀ ਨਹੀਂ ਢਕਿਆ ਹੋਇਆ। ਉਨ੍ਹਾ ਨੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor
Raghbir Singh Walsal
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਫ਼ਰੀਦਕੋਟ ਪੁਲਿਸ ਮੁਕਾਬਲੇ ਦੇ ਅਰਸ਼ ਡੱਲਾ ਨਾਲ ਜੁੜੇ ਤਾਰ

**ਫਰੀਦਕੋਟ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਫ਼ਰੀਦਕੋਟ ਪੁਲਿਸ ਵੱਲੋਂ ਦੋ ਗੈਂਗਸਟਰਾਂ ਨੂੰ ਮੁਕਾਬਲੇ ਦੌਰਾਨ ਕਾਬੂ ਕੀਤਾ ਗਿਆ ਸੀ। ਜਿੰਨਾਂ ਦੇ ਲੱਤਾਂ ਦੇ ਵਿੱਚ ਗੋਲ਼ੀਆਂ ਲੱਗੀਆਂ ਸਨ। ਕਿਹਾ ਜਾ ਰਿਹਾ ਹੈ ਕਿ ਇਨ੍ਹਾਂ ਨੇ ਫ਼ਰੀਦਕੋਟ ਦੇ ਰਹਿਣ ਵਾਲੇ ਸਰਕਾਰੀ ਮੁਲਾਜ਼ਮ ਦੇ ਘਰ ਗੋਲ਼ੀਬਾਰੀ ਕਰਨੀ ਸੀ, ਜਿਨ੍ਹਾਂ ਨੂੰ ਪੁਲਿਸ ਨੇ ਵਾਰਦਾਤ ਕਰਨ ਤੋਂ ਪਹਿਲਾਂ ਹੀ ਗ੍ਰਿ.ਫਤਾਰ ਕਰ ਲਿਆ ਹੈ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਇਨ੍ਹਾਂ ਵੱਲੋਂ ਗੈਂਗਸਟਰ ਅਰਸ਼ ਡੱਲਾ ਦੇ ਕਹਿਣ 'ਤੇ ਫਾਇਰਿੰਗ ਕੀਤੀ ਜਾਣੀ ਸੀ ਤੇ ਅਰਸ਼ ਡੱਲਾ ਵੱਲੋਂ ਹੀ ਮੁਲਾਜ਼ਮ ਤੋਂ 50 ਲੱਖ ਦੀ ਫਰੋਤੀ ਮੰਗੀ ਗਈ ਸੀ। ਇਸ ਮਾਮਲੇ 'ਚ ਹੁਣ ਤੱਕ ਚਾਰ ਦੇ ਕਰੀਬ ਗ੍ਰਿ.ਫਤਾਰੀਆਂ ਅਤੇ ਤਿੰਨ



ਨਜ਼ਾਇਜ ਹਥਿਆਰ ਬਰਾਮਦ ਹੋ ਚੁੱਕੇ ਹਨ। ਇਸ ਬਾਬਤ ਜਾਣਕਾਰੀ ਦਿੰਦਿਆਂ ਫ਼ਰੀਦਕੋਟ ਦੇ ਐਸਐਸਪੀ ਹਰਜੀਤ ਸਿੰਘ ਨੇ ਦੱਸਿਆ ਕਿ PSPCL ਦੇ ਮੁਲਾਜ਼ਮ ਤੋਂ ਅਰਸ਼ ਡੱਲਾ ਵੱਲੋਂ 50 ਲੱਖ ਦੀ ਫਰੌਤੀ ਮੰਗੀ ਗਈ ਸੀ ਅਤੇ ਉਨ੍ਹਾਂ ਵੱਲੋਂ ਇਸ ਵਿੱਚ ਕਾਰਵਾਈ ਕਰਦਿਆਂ ਹੋਇਆ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਸੀ ਜਿਸ ਤੋਂ ਜਾਣਕਾਰੀ ਮਿਲੀ ਸੀ ਕੀ ਦੋ ਨੌਜਵਾਨ ਫ਼ਰੀਦਕੋਟ ਵਿੱਚ ਇਸ ਅਧਿਕਾਰੀ ਦੇ ਘਰ ਗੋਲੀਆਂ ਚਲਾਉਣ ਆ ਰਹੇ ਹਨ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੀ ਟੀਮ ਵੱਲੋਂ ਉਨ੍ਹਾਂ ਨੂੰ ਫੜ੍ਹਨਾ ਚਾਹਿਆ ਤਾਂ ਉਨ੍ਹਾਂ ਵੱਲੋਂ ਵੀ ਪੁਲਿਸ ਉੱਪਰ ਫਾਇਰਿੰਗ ਕੀਤੀ ਗਈ ਜਿਸ ਦੇ ਨਾਲ ਉਹ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੇ ਵਿੱਚ ਚਾਰ ਦੇ ਕਰੀਬ ਕਾਬੂ ਕੀਤੇ ਗਏ ਹਨ ਅਤੇ ਤਿੰਨ ਅਸਲੇ ਬਰਾਮਦ ਕੀਤੇ ਗਏ ਹਨ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇਨ੍ਹਾਂ ਵੱਲੋ 31 ਮਾਰਚ ਨੂੰ ਜਲੰਧਰ ਵਿੱਚ ਇੱਕ ਪੰਜਾਬੀ ਗਾਇਕ ਦੇ ਘਰ ਫਾਇਰਿੰਗ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਫਿਲਹਾਲ ਇਸ ਮਾਮਲੇ ਵਿੱਚ ਹੋਰ ਪੁੱਛ ਪੜਤਾਲ ਕੀਤੀ ਜਾ ਰਹੀ

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਸੋ ਉਹ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਕਾਬਿਲ ਦੇ ਪਾਠੀ, ਗਿਆਨੀ, ਰਾਗੀ, ਗਤਕਾ ਸਿਖਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਗਤੀਵਿਧੀਆਂ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਕੱਢ ਕੇ ਜਾਂ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਵੋ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ



ਜ਼ਮੀਨ ਦੀ ਹੱਦਬੰਦੀ (Scale 1: 1250)

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


# ਯੂ ਕੇ ਦੇ ਹਸਪਤਾਲਾਂ ਵਿੱਚ ਸੁਧਾਰ, ਟੈਕਸ ਘੱਟ ਨੂੰ ਤਰਜੀਹੀ - ਪ੍ਰਭਦੀਪ ਸਿੰਘ

**ਲੰਡਨ, 8 ਅਪ੍ਰੈਲ (ਸਰਬਜੀਤ ਸਿੰਘ ਬਨੂੜ)-** ਰੀਫੋਮ ਯੂਕੇ ਪਾਰਟੀ ਦੇ ਪਹਿਲੇ ਸਿੱਖ ਉਮੀਦਵਾਰ ਸ ਪ੍ਰਭਦੀਪ ਸਿੰਘ ਨੇ ਖਾਲਸਾ ਸਾਜਨਾ ਦਿਵਸ ਵਿਸਾਖੀ ਤੇ ਵਧਾਈ ਦਿੱਤੀ ਗਈ। ਵਿਸ਼ੇਸ਼ ਗੱਲਬਾਤ ਕਰਦਿਆਂ ਹਲਕਾ ਫੈਲਥਮ ਤੇ ਹੈਸਟਨ ਦੇ ਉਮੀਦਵਾਰ ਸ ਪ੍ਰਭਦੀਪ ਸਿੰਘ ਨੇ ਕਿਹਾ ਕਿ ਉਹ ਗੁਰੂ ਸਾਹਿਬ ਦੇ ਫਲਾਸਫੇ ਤੇ ਚੱਲਦਿਆਂ ਜਿੱਤਣ ਤੋਂ ਬਾਦ ਪਾਰਲੀਮੈਂਟ ਵਿੱਚ ਹਸਪਤਾਲਾਂ ਵਿੱਚ ਸਿਹਤ ਸਹੂਲਤਾਂ ਵਿੱਚ ਸੁਧਾਰ ਕਰਨ, ਟੈਕਸ ਘੱਟ ਕਰ, ਬਿਜਲੀ ਨੂੰ ਸਸਤੀ ਕਰਨ ਤੇ ਦੇਸ਼ ਵਿੱਚ ਵੱਧ ਰਹੇ ਜ਼ੁਲਮਾਂ ਨੂੰ ਘੱਟ ਕਰਨ ਨੂੰ ਤਰਜੀਹੀ ਦੇਣਗੇ। ਜਿਕਰਯੋਗ ਹੈ ਕਿ ਸ ਪ੍ਰਭਦੀਪ ਸਿੰਘ ਇੰਗਲਿਸ਼ ਤੇ ਪੰਜਾਬੀ ਭਾਸ਼ਾਵਾਂ ਵਿੱਚ ਸਿੱਖ ਧਰਮ ਤੇ ਪ੍ਰਚਾਰ ਪ੍ਰਸਾਰ ਕਰਦੇ ਹਨ। ਬੀਤੇ ਦਿਨੀਂ ਲੰਡਨ ਵਿੱਚ ਲੰਡਨ ਮੇਅਰ ਵੱਲੋਂ ਪਰੁਣੀ ਡੀਜ਼ਲ ਗੱਡੀਆਂ ਨੂੰ ਖਤਮ ਕਰਨ ਦੀ ਯੋਜਨਾ ਦਾ ਪ੍ਰਭਦੀਪ ਸਿੰਘ ਨੇ ਲਗਾਤਾਰ ਓਕਸਬ੍ਰਿਜ ਸਟੇਸ਼ਨ ਬਾਹਰ ਭੁੱਖ ਹੜਤਾਲ ਕਰਕੇ ਆਪਣਾ ਰੋਸ ਪਰਗਟ ਕੀਤਾ ਗਿਆ ਸੀ ਜਿਸ ਨੂੰ ਵੱਖ ਵੱਖ ਧਰਮਾਂ ਦੇ ਲੋਕਾਂ, ਜਥੇਬੰਦੀਆਂ ਨੇ ਪੁਰਨ ਸਹਿਯੋਗ ਦੇ ਸਮਰਥਨ ਦਿੱਤਾ ਗਿਆ ਸੀ।

ਆਵਾਜ਼ਿ ਕੌਮ AWAZE QAUM
International Newspaper & WEB TV








24 SERVICE EVERYDAY HOURS

100% VEGETARIAN PURE AND NATURAL

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

**V.P.O. Mallian**
**Jalandhar-Amritsar G.T. Road**
**NEAR JANDIALA GURU**
**Contact**
**98610-00057, 99152-32757**



We Accept Online & Card Payment



## ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI

# ਜਥੇਦਾਰ ਦਾਦੂਵਾਲ ਦੇ ਹਰਿਆਣਾ ਧਰਮ ਪ੍ਰਚਾਰ ਮੁਖੀ ਬਣਨ ਨਾਲ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਨੂੰ ਹੋਰ ਬਲ ਮਿਲੇਗਾ : ਕਰਨੈਲ ਸਿੰਘ ਪੰਜੋਲੀ






**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਅੱਜ ਇੱਥੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਬਸੰਮਤੀ ਨਾਲ ਚੁਣੀ ਗਈ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਚੰਗੀ ਗੱਲ ਹੈ ਪੰਥਕ ਸੰਸਥਾਵਾਂ ਵਿੱਚ ਅਜਿਹਾ ਹੋਣਾ ਚਾਹੀਦਾ ਹੈ ਜਥੇਦਾਰ ਪੰਜੋਲੀ ਨੇ ਸਿੱਖ ਪੰਥ ਦੇ ਧਾਰਮਿਕ ਅਤੇ ਜੁਝਾਰੂ ਬਿਰਤੀ ਵਾਲੇ ਪੰਥਕ ਆਗੂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਬਣਾਊਣਾ ਦੂਰ ਅੰਦੇਸ਼ੀ ਸੋਚ ਦਾ ਪ੍ਰਗਟਾਵਾ ਹੈ ਉਨਾਂ ਨੇ ਦਾਦੂਵਾਲ ਸਾਹਿਬ ਸਮੇਤ ਸਾਰੇ ਚੁਣੇ ਮੈਂਬਰਾਂ ਨੂੰ ਵਧਾਈ ਦਿੱਤੀ ਉਨਾਂ ਕਿਹਾ ਕਿ ਦਾਦੂਵਾਲ ਸਾਹਿਬ ਕੇਵਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਬਣਨ ਦੇ ਨਾਲ ਧਰਮ ਪ੍ਰਚਾਰ ਪਰਸਾਰ ਦਾ ਕੰਮ ਤਾ ਬੁਲੰਦੀਆਂ ਤੱਕ ਪਹੁੰਚਾਉਣਗੇ ਹੀ ਬਲਕਿ ਪੂਰੇ ਭਾਰਤ ਦੇ ਨਾਲ ਨਾਲ ਅੰਤਰਰਾਸ਼ਟਰੀ ਪੱਧਰ ਉਤੇ ਵੀ ਆਪਣੇ ਅਹੁਦੇ ਦਾ ਪ੍ਰਭਾਵ ਛੱਡਣਗੇ ਪੰਥਕ ਦਰਦ ਨਾਲ ਲਬਰੇਜ਼ ਅਤੇ ਗੁਰਮਤਿ ਨੂੰ ਪਰਨਾਏ ਹੋਏ ਦਾਦੂਵਾਲ ਸਾਹਿਬ ਨੇ ਬੀਤੇ ਸਮੇਂ ਵਿੱਚ ਪੰਥ ਵਿਰੋਧੀ ਸ਼ਕਤੀਆਂ ਨਾਲ ਪੂਰੀ ਇਮਾਨਦਾਰੀ ਅਤੇ ਸਿਦਕਦਿਲੀ ਨਾਲ ਮਾਣਮੱਤਾ ਸੰਘਰਸ਼ ਕੀਤਾ ਹੈ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪਹਿਲੀ ਵਾਰ ਪ੍ਰਧਾਨ ਬਣਨ ਸਮੇਂ ਦਾਦੂਵਾਲ ਸਾਹਿਬ ਨੇ ਗੁਰਦੁਆਰੇ ਸਾਹਿਬਾਨ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਊਣ ਦੇ ਨਾਲ ਨਾਲ ਗੁਰਦੁਆਰੇ ਸਾਹਿਬਾਨ ਦੇ ਬਜ਼ਟ ਵਧਾਉਣ ਲਈ ਵੀ ਚੰਗੇ ਪ੍ਰਬੰਧ ਕੀਤੇ ਉਨਾਂ ਨੇ ਗੁਰੂਘਰ ਦੀਆਂ ਜਾਇਦਾਦਾਂ ਤੇ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਛਡਵਾਉਣ ਲਈ ਵੀ ਉਸਾਰੂ ਯਤਨ ਕੀਤੇ ਦਾਦੂਵਾਲ ਸਾਹਿਬ ਦੀ ਅਗਵਾਈ ਵਿੱਚ ਹੀ ਹਰਿਆਣੇ ਦੇ ਸਿੱਖ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੇਸ ਸੁਪਰੀਮ ਕੋਰਟ ਵਿੱਚੋਂ ਜਿੱਤ ਸਕੇ ਵੈਸੇ ਤਾ ਦਾਦੂਵਾਲ ਸਾਹਿਬ ਧਰਮ ਪ੍ਰਚਾਰ ਦਾ ਕਾਰਜ ਬਹੁਤ ਛੋਟੀ ਉਮਰ ਤੋ ਹੀ ਕਰਦੇ ਆ ਰਹੇ ਹਨ ਪਰ ਹਰਿਆਣਾ ਕਮੇਟੀ ਦਾ ਪ੍ਰਧਾਨ ਬਨਣ ਅਤੇ ਹੁਣ ਹਰਿਆਣਾ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦਾ ਮੁਖੀ ਬਨਣ ਉਪਰੰਤ ਤਾ ਧਰਮ ਪ੍ਰਚਾਰ ਵਿੱਚ ਹੋਰ ਤੇਜ਼ੀ ਲਿਆਂਦੀ ਹੈ ਜਿਸ ਦੀ ਪ੍ਰਸੰਸਾ ਕਰਨੀ ਬਣਦੀ ਹੈ ਦਾਦੂਵਾਲ ਸਾਹਿਬ ਨੇ ਪੰਥਕ ਸ਼ਕਤੀ ਨੂੰ ਇੱਕ ਪਲੇਟਫਾਰਮ ਉਤੇ ਇਕੱਠਾ ਕਰਨ ਲਈ ਪਹਿਲਾਂ ਵੀ ਬਹੁਤ ਯਤਨ ਕੀਤੇ ਹਨ ਪਰ ਹੁਣ ਇਸ ਪਾਸੇ ਉਨਾਂ ਨੂੰ ਹੋਰ ਯਤਨ ਕਰਨੇ ਚਾਹੀਦੇ ਹਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅੱਡਰੀ ਅਜ਼ਾਦ ਅਤੇ ਨਿਆਰੀ ਹਸਤੀ ਨੂੰ ਮੁੜ ਬਹਾਲ ਕਰਨ ਲਈ ਵੀ ਦਾਦੂਵਾਲ ਸਾਹਿਬ ਵੱਲੋਂ ਕੀਤੇ ਜਾ ਰਹੇ ਯਤਨ ਇੱਕ ਨਾ ਇੱਕ ਦਿਨ ਜ਼ਰੂਰ ਸਫਲ ਹੋਣਗੇ ਪੰਥਕ ਸੰਸਥਾਵਾਂ ਨੂੰ ਕੁੱਝ ਵਿਅਤੀਆ ਅਤੇ ਪਰਿਵਾਰਾ ਦੇ ਕਬਜ਼ੇ ਤੋਂ ਮੁਕਤ ਕਰਾਉਣ ਲਈ ਦਾਦੂਵਾਲ ਸਾਹਿਬ ਵੱਲੋਂ ਕੀਤਾ ਜਾ ਰਿਹਾ ਪ੍ਰਚਾਰ ਜ਼ਰੂਰ ਖਾਲਸਾ ਪੰਥ ਸੁਣੇਗਾ ਸਰਦਾਰ ਪੰਜੋਲੀ ਨੇ ਕਿਹਾ ਕਿ ਧਰਮ ਪ੍ਰਚਾਰ ਕਾਰਜ ਇੱਕ ਧਾਰਮਿਕ ਆਗੂ ਦੇ ਹੱਥਾ ਵਿੱਚ ਹੋਣਾ ਇੱਕ ਚੰਗੀ ਗੱਲ ਹੈ ਇਸ ਲਈ ਦਾਦੂਵਾਲ ਸਾਹਿਬ ਧਰਮ ਪਰਚਾਰ ਦਾ ਮੁਖੀ ਬਨਾਉਣਾ ਹਰਿਆਣੇ ਦੇ ਸਿੱਖਾਂ ਦਾ ਇੱਕ ਚੰਗਾ ਫੈਸਲਾ ਹੈ ਉਨਾਂ ਕਿਹਾ ਕਿ ਮੈਂ ਦਾਦੂਵਾਲ ਸਾਹਿਬ ਨੂੰ ਵਧਾਈ ਵੀ ਦਿੰਦਾ ਹਾਂ ਅਤੇ ਆਸ ਕਰਦਾ ਹਾਂ ਕਿ ਉਹ ਪੰਥਕ ਸ਼ਕਤੀ ਨੂੰ ਇਕੱਠਾ ਕਰਨ ਅਤੇ ਪੰਥ ਵਿੱਚ ਮੁਕੰਮਲ ਏਕਤਾ ਕਰਨ ਦੇ ਯਤਨ ਜਾਰੀ ਰੱਖਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ




ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ
A
अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥ ਖ਼ਾਲਸੇ ਮਹਿ ਹੌਂ ਕਰੌਂ ਨਿਵਾਸ ॥

**ਖ਼ਾਲਸੇ ਦੇ ਪ੍ਰਗਟ ਦਿਹਾੜੇ ਅਤੇ ਵਿਸਾਖੀ ਪੁਰਬ ਦੀਆਂ ਖੁਸ਼ੀਆਂ ਮਨਾਉਂਦੇ ਹੋਏ**

**PBC SKY 775**

**ਦੇ ਸਟੂਡਿਓ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ**

# 11,12 &13 APRIL

ਨੂੰ ਕਰਵਾਏ ਜਾਣਗੇ।

ਆਪ ਸਭ ਜੀ ਨੂੰ ਬੇਨਤੀ ਹੈ ਕੇ ਪੰਥ ਦੀਆਂ ਇਹਨਾਂ ਖੁਸ਼ੀਆਂ ਲਈ ਅਤੇ ਪੰਥ ਤੇ ਘਰ ਪਰਿਵਾਰਾਂ ਦੀ ਚੜ੍ਹਦੀਕਲਾ ਲਈ ਅਰਦਾਸ ਵਿੱਚ ਸ਼ਾਮਲ ਹੋਣ ਲਈ ਆਪਣੇ ਨਾਮ ਲਿੱਖਵਾਓ ਜੀ ।

**ਸੇਵਾਵਾਂ ਲਈ ਹੁਣੇ ਸੰਪਰਕ ਕਰੋ ਜੀ।**

**0121 269 0064**

ਆਵਾਜ਼ਿ ਕੌਮ AWAZE QAUM International Newspaper & WEB TV

PBC

sky775




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

## ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।




# ਕੈਲੰਡਰ ਨਾਨਕਸ਼ਾਹੀ ਸੰਮਤ 556 (2024-2025)

## ਜੂਨ 1984 ਦੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਉੱਪਰ ਹੋਏ ਭਾਰਤੀ ਫ਼ੌਜੀ ਹਮਲੇ ਦੇ 40 ਸਾਲਾ ਨੂੰ ਸਮਰਪਿਤ

## ਖ਼ਾਲਿਸਤਾਨ ਜ਼ਿੰਦਾਬਾਦ

ਸੰਗਰਾਂਦ | ਪੂਰਨਮਾਸੀ | ਮੱਸਿਆ

**ਸਰਕਾਰੀ ਛੁੱਟੀਆਂ**

29 ਮਾਰਚ – ਗੁਡ ਫਰਾਇਡੇ
01 ਅਪ੍ਰੈਲ – ਈਸਟਰ ਮੰਡੇ
06 ਮਈ – ਮਈ ਬੈਂਕ ਹੌਲੀਡੇ
27 ਮਈ – ਸਪਰਿੰਗ ਬੈਂਕ ਹੌਲੀਡੇ
26 ਅਗਸਤ – ਬੈਂਕ ਹੌਲੀਡੇ
25 ਦਸੰਬਰ – ਕ੍ਰਿਸਮਸ ਹੌਲੀਡੇ
26 ਦਸੰਬਰ – ਬੌਕਸਿੰਗ ਹੌਲੀਡੇ
01 ਜਨਵਰੀ – ਨਵਾਂ ਸਾਲ

### ਫੱਗਣ – ਮਾਰਚ MARCH – ਚੇਤ

| | | | | | |
|---|---|---|---|---|---|
| ਐਤ Sun | 31 | 3 | 10 | 17 | 24 |
| ਸੋਮ Mon | | 4 | 11 | 18 | 25 |
| ਮੰਗਲ Tue | | 5 | 12 | 19 | 26 |
| ਬੁੱਧ Wed | | 6 | 13 | 20 | 27 |
| ਵੀਰ Thu | | 7 | 14 | 21 | 28 |
| ਸ਼ੁੱਕਰ Fri | 1 | 8 | 15 | 22 | 29 |
| ਸ਼ਨਿੱਚਰ Sat | 2 | 9 | 16 | 23 | 30 |

### ਚੇਤ – ਅਪ੍ਰੈਲ APRIL – ਵੈਸਾਖ

| | | | | | |
|---|---|---|---|---|---|
| ਐਤ Sun | | 7 | 14 | 21 | 28 |
| ਸੋਮ Mon | 1 | 8 | 15 | 22 | 29 |
| ਮੰਗਲ Tue | 2 | 9 | 16 | 23 | 30 |
| ਬੁੱਧ Wed | 3 | 10 | 17 | 24 | |
| ਵੀਰ Thu | 4 | 11 | 18 | 25 | |
| ਸ਼ੁੱਕਰ Fri | 5 | 12 | 19 | 26 | |
| ਸ਼ਨਿੱਚਰ Sat | 6 | 13 | 20 | 27 | |

### ਵੈਸਾਖ – ਮਈ MAY – ਜੇਠ

| | | | | | |
|---|---|---|---|---|---|
| ਐਤ Sun | | 5 | 12 | 19 | 26 |
| ਸੋਮ Mon | | 6 | 13 | 20 | 27 |
| ਮੰਗਲ Tue | | 7 | 14 | 21 | 28 |
| ਬੁੱਧ Wed | 1 | 8 | 15 | 22 | 29 |
| ਵੀਰ Thu | 2 | 9 | 16 | 23 | 30 |
| ਸ਼ੁੱਕਰ Fri | 3 | 10 | 17 | 24 | 31 |
| ਸ਼ਨਿੱਚਰ Sat | 4 | 11 | 18 | 25 | |

### ਜੇਠ – ਜੂਨ JUNE – ਹਾੜ

| | | | | | |
|---|---|---|---|---|---|
| ਐਤ Sun | 30 | 2 | 9 | 16 | 23 |
| ਸੋਮ Mon | | 3 | 10 | 17 | 24 |
| ਮੰਗਲ Tue | | 4 | 11 | 18 | 25 |
| ਬੁੱਧ Wed | | 5 | 12 | 19 | 26 |
| ਵੀਰ Thu | | 6 | 13 | 20 | 27 |
| ਸ਼ੁੱਕਰ Fri | | 7 | 14 | 21 | 28 |
| ਸ਼ਨਿੱਚਰ Sat | 1 | 8 | 15 | 22 | 29 |

### ਹਾੜ – ਜੁਲਾਈ JULY – ਸਾਵਣ

| | | | | | |
|---|---|---|---|---|---|
| ਐਤ Sun | | 7 | 14 | 21 | 28 |
| ਸੋਮ Mon | 1 | 8 | 15 | 22 | 29 |
| ਮੰਗਲ Tue | 2 | 9 | 16 | 23 | 30 |
| ਬੁੱਧ Wed | 3 | 10 | 17 | 24 | 31 |
| ਵੀਰ Thu | 4 | 11 | 18 | 25 | |
| ਸ਼ੁੱਕਰ Fri | 5 | 12 | 19 | 26 | |
| ਸ਼ਨਿੱਚਰ Sat | 6 | 13 | 20 | 27 | |

### ਸਾਵਣ – ਅਗਸਤ AUGUST – ਭਾਦੋਂ

| | | | | | |
|---|---|---|---|---|---|
| ਐਤ Sun | | 4 | 11 | 18 | 25 |
| ਸੋਮ Mon | | 5 | 12 | 19 | 26 |
| ਮੰਗਲ Tue | | 6 | 13 | 20 | 27 |
| ਬੁੱਧ Wed | | 7 | 14 | 21 | 28 |
| ਵੀਰ Thu | 1 | 8 | 15 | 22 | 29 |
| ਸ਼ੁੱਕਰ Fri | 2 | 9 | 16 | 23 | 30 |
| ਸ਼ਨਿੱਚਰ Sat | 3 | 10 | 17 | 24 | 31 |

### ਭਾਦੋਂ – ਸਤੰਬਰ SEPTEMBER – ਅੱਸੂ

| | | | | | |
|---|---|---|---|---|---|
| ਐਤ Sun | 1 | 8 | 15 | 22 | 29 |
| ਸੋਮ Mon | 2 | 9 | 16 | 23 | 30 |
| ਮੰਗਲ Tue | 3 | 10 | 17 | 24 | |
| ਬੁੱਧ Wed | 4 | 11 | 18 | 25 | |
| ਵੀਰ Thu | 5 | 12 | 19 | 26 | |
| ਸ਼ੁੱਕਰ Fri | 6 | 13 | 20 | 27 | |
| ਸ਼ਨਿੱਚਰ Sat | 7 | 14 | 21 | 28 | |

### ਅੱਸੂ – ਅਕਤੂਬਰ OCTOBER – ਕੱਤਕ

| | | | | | |
|---|---|---|---|---|---|
| ਐਤ Sun | | 6 | 13 | 20 | 27 |
| ਸੋਮ Mon | | 7 | 14 | 21 | 28 |
| ਮੰਗਲ Tue | 1 | 8 | 15 | 22 | 29 |
| ਬੁੱਧ Wed | 2 | 9 | 16 | 23 | 30 |
| ਵੀਰ Thu | 3 | 10 | 17 | 24 | 31 |
| ਸ਼ੁੱਕਰ Fri | 4 | 11 | 18 | 25 | |
| ਸ਼ਨਿੱਚਰ Sat | 5 | 12 | 19 | 26 | |

### ਕੱਤਕ – ਨਵੰਬਰ NOVEMBER – ਮੱਘਰ

| | | | | | |
|---|---|---|---|---|---|
| ਐਤ Sun | | 3 | 10 | 17 | 24 |
| ਸੋਮ Mon | | 4 | 11 | 18 | 25 |
| ਮੰਗਲ Tue | | 5 | 12 | 19 | 26 |
| ਬੁੱਧ Wed | | 6 | 13 | 20 | 27 |
| ਵੀਰ Thu | | 7 | 14 | 21 | 28 |
| ਸ਼ੁੱਕਰ Fri | 1 | 8 | 15 | 22 | 29 |
| ਸ਼ਨਿੱਚਰ Sat | 2 | 9 | 16 | 23 | 30 |

### ਮੱਘਰ – ਦਸੰਬਰ DECEMBER – ਪੋਹ

| | | | | | |
|---|---|---|---|---|---|
| ਐਤ Sun | 1 | 8 | 15 | 22 | 29 |
| ਸੋਮ Mon | 2 | 9 | 16 | 23 | 30 |
| ਮੰਗਲ Tue | 3 | 10 | 17 | 24 | 31 |
| ਬੁੱਧ Wed | 4 | 11 | 18 | 25 | |
| ਵੀਰ Thu | 5 | 12 | 19 | 26 | |
| ਸ਼ੁੱਕਰ Fri | 6 | 13 | 20 | 27 | |
| ਸ਼ਨਿੱਚਰ Sat | 7 | 14 | 21 | 28 | |

### ਪੋਹ – ਜਨਵਰੀ JANUARY 2025 – ਮਾਘ

| | | | | | |
|---|---|---|---|---|---|
| ਐਤ Sun | | 5 | 12 | 19 | 26 |
| ਸੋਮ Mon | | 6 | 13 | 20 | 27 |
| ਮੰਗਲ Tue | | 7 | 14 | 21 | 28 |
| ਬੁੱਧ Wed | 1 | 8 | 15 | 22 | 29 |
| ਵੀਰ Thu | 2 | 9 | 16 | 23 | 30 |
| ਸ਼ੁੱਕਰ Fri | 3 | 10 | 17 | 24 | 31 |
| ਸ਼ਨਿੱਚਰ Sat | 4 | 11 | 18 | 25 | |

### ਮਾਘ – ਫਰਵਰੀ FEBRUARY 2025 – ਫੱਗਣ

| | | | | | |
|---|---|---|---|---|---|
| ਐਤ Sun | | 2 | 9 | 16 | 23 |
| ਸੋਮ Mon | | 3 | 10 | 17 | 24 |
| ਮੰਗਲ Tue | | 4 | 11 | 18 | 25 |
| ਬੁੱਧ Wed | | 5 | 12 | 19 | 26 |
| ਵੀਰ Thu | | 6 | 13 | 20 | 27 |
| ਸ਼ੁੱਕਰ Fri | | 7 | 14 | 21 | 28 |
| ਸ਼ਨਿੱਚਰ Sat | 1 | 8 | 15 | 22 | |

## ਸਿੱਖ ਕੌਮ ਦੇ ਅਹਿਮ-ਦਿਹਾੜੇ

**ਮਾਰਚ**
14 ਸੰਗਰਾਂਦ - ਨਵਾਂ ਸਾਲ ਸੰਮਤ ਨਾਨਕਸ਼ਾਹੀ 556 ਆਰੰਭ (ਚੇਤ)
14 ਸਿੱਖ ਵਾਤਾਵਰਣ ਦਿਵਸ
15 ਸ. ਬਘੇਲ ਸਿੰਘ ਵਲੋਂ ਦਿੱਲੀ ਫ਼ਤਿਹ
23 ਸ਼ਹੀਦੀ ਸ.ਭਗਤ ਸਿੰਘ
25 ਸ਼ਹੀਦੀ ਭਾਈ ਸੁਬੇਗ ਸਿੰਘ, ਭਾਈ ਸ਼ਾਹਬਾਜ਼ ਸਿੰਘ
26 ਹੋਲਾ ਮਹੱਲਾ

**ਅਪ੍ਰੈਲ**
07 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
09 ਗੁਰਿਆਈ ਦਿਵਸ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ
09 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ
12 ਜੋਤੀ-ਜੋਤਿ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
13 ਜੋਤੀ-ਜੋਤਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
13 ਸਿੱਖ ਦਸਤਾਰ ਦਿਵਸ
13 ਵੈਸਾਖੀ (ਖ਼ਾਲਸਾ ਸਿਰਜਨਾ ਦਿਵਸ)
13 ਸੰਗਰਾਂਦ (ਵੈਸਾਖ)
20 ਜਨਮ ਦਿਹਾੜਾ ਭਗਤ ਧੰਨਾ ਜੀ
22 ਗੁਰਿਆਈ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
22 ਜੋਤੀ-ਜੋਤਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
29 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
29 ਖ਼ਾਲਿਸਤਾਨ ਐਲਾਨ-ਨਾਮਾ ਦਿਵਸ (1986 ਈ.)
30 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ

**ਮਈ**
03 ਸ਼ਹੀਦੀ ਜੋੜ-ਮੇਲ ਸ੍ਰੀ ਮੁਕਤਸਰ ਸਾਹਿਬ
05 ਜਨਮ ਦਿਹਾੜਾ ਜੱਸਾ ਸਿੰਘ ਰਾਮਗੜ੍ਹੀਆ
09 ਬਰਸੀ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ, ਸ੍ਰੀ ਅੰਮ੍ਰਿਤਸਰ ਸਾਹਿਬ
09 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
12 ਬਾਬਾ ਬੰਦਾ ਸਿੰਘ ਬਹਾਦਰ ਵਲੋਂ ਸਰਹਿੰਦ ਫ਼ਤਿਹ ਦਿਵਸ (ਖ਼ਾਲਸਾ ਰਾਜ ਦੀ ਪਹਿਲੀ ਸਥਾਪਨਾ)
12 ਸ਼ਹੀਦੀ ਭਾਈ ਲਛਮਣ ਸਿੰਘ ਜੀ
14 ਸੰਗਰਾਂਦ (ਜੇਠ)
16 ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) (1746 ਈ.)
21 ਸ਼ਹੀਦੀ ਭਾਈ ਅਵਤਾਰ ਸਿੰਘ ਬ੍ਰਹਮਾ
22 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ
22 ਸ਼ਹੀਦੀ ਸਾਕਾ ਪਾਉਂਟਾ ਸਾਹਿਬ
31 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ

**ਜੂਨ**
04 ਸਾਕਾ ਨੀਲਾ ਤਾਰਾ - ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੇ ਹਮਲਾ ਅਤੇ ਸ਼ਹੀਦੀ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ, ਸ਼ਹੀਦੀ ਭਾਈ ਅਮਰੀਕ ਸਿੰਘ ਜੀ ਅਤੇ ਜਨਰਲ ਸੁਬੇਗ ਸਿੰਘ ਜੀ
05-07 ਵਿਆਹ ਦਿਵਸ ਸ੍ਰੀ ਗੁਰੂ ਅਰਜਨ ਦੇਵ ਜੀ
10 ਸ਼ਹੀਦੀ ਗੁਰੂ ਅਰਜਨ ਦੇਵ ਸਾਹਿਬ ਜੀ (ਜੇਠ ਸੁਦੀ 4)
14 ਸੰਗਰਾਂਦ (ਹਾੜ)
22 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
22 ਜਨਮ ਦਿਹਾੜਾ ਭਗਤ ਕਬੀਰ ਜੀ
24 ਸ਼ਹੀਦੀ ਦਿਹਾੜਾ ਬਾਬਾ ਬੰਦਾ ਸਿੰਘ ਜੀ ਬਹਾਦਰ
26 ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ
28 ਬਰਸੀ ਮਹਾਰਾਜਾ ਰਣਜੀਤ ਸਿੰਘ ਜੀ
29 ਬਰਸੀ ਸੰਤ ਬਾਬਾ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ

**ਜੁਲਾਈ**
08 ਸ਼ਹੀਦੀ ਭਾਈ ਮਨੀ ਸਿੰਘ ਜੀ
16 ਮੀਰੀ ਪੀਰੀ ਦਿਵਸ (ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ)
16 ਸੰਗਰਾਂਦ (ਸਾਵਣ)
16 ਸ਼ਹੀਦੀ ਭਾਈ ਤਾਰੂ ਸਿੰਘ ਜੀ
29 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
29 ਸ਼ਹੀਦੀ ਭਾਈ ਗੁਰਜੰਟ ਸਿੰਘ ਜੀ ਬੁੱਧ ਸਿੰਘ ਵਾਲਾ
30 ਸਥਾਪਨਾ ਦਿਵਸ ਗੁਰੂ ਨਾਨਕ ਗੁਰਦੁਆਰਾ ਸਮੈਦਿਕ (1961 ਈ.)
31 ਸ਼ਹੀਦੀ ਸ.ਊਧਮ ਸਿੰਘ ਜੀ

**ਅਗਸਤ**
08 ਮੋਰਚਾ ਗੁਰੂ ਕਾ ਬਾਗ
09 ਸ਼ਹੀਦੀ ਭਾਈ ਸੁਖਦੇਵ ਸਿੰਘ ਬੱਬਰ
16 ਬਰਸੀ ਸੰਤ ਬਾਬਾ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ
16 ਸੰਗਰਾਂਦ (ਭਾਦੋਂ)
29 ਸੰਪੂਰਨਤਾ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
31 ਸ਼ਹੀਦੀ ਭਾਈ ਦਿਲਾਵਰ ਸਿੰਘ ਬੱਬਰ
31 ਸ਼ਹੀਦੀ ਭਾਈ ਗੁਰਜੰਟ ਸਿੰਘ ਰਾਜਸਥਾਨੀ

**ਸਤੰਬਰ**
04 ਪਹਿਲਾ ਪ੍ਰਕਾਸ਼ ਗੁਰਪੁਰਬ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
05 ਗੁਰਿਆਈ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ
06 ਜੋਤੀ ਜੋਤਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
10 ਵਿਆਹ ਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
16 ਗੁਰਿਆਈ ਦਿਵਸ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
16 ਸੰਗਰਾਂਦ (ਅੱਸੂ)
16 ਸ਼ਹੀਦੀ ਭਾਈ ਬਲਵਿੰਦਰ ਸਿੰਘ ਜਟਾਣਾ
18 ਜੋਤੀ-ਜੋਤਿ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ (450 ਸਾਲਾ)
22 ਗੁਰਿਆਈ ਦਿਵਸ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
27 ਜੋਤੀ-ਜੋਤਿ ਸ੍ਰੀ ਗੁਰੂ ਨਾਨਕ ਦੇਵ ਜੀ

**ਅਕਤੂਬਰ**
01 ਸਿਰਜਨਾ ਦਿਵਸ ਸਿੱਖ ਸਭਾ
09 ਸ਼ਹੀਦੀ ਭਾਈ ਹਰਜਿੰਦਰ ਸਿੰਘ ਜਿੰਦਾ, ਭਾਈ ਸੁਖਦੇਵ ਸਿੰਘ ਸੁੱਖਾ
10 ਜਨਮ ਦਿਹਾੜਾ ਭਾਈ ਤਾਰੂ ਸਿੰਘ ਜੀ
12 ਦੁਸਹਿਰਾ (ਦਰਬਾਰ ਖ਼ਾਲਸਾ)
17 ਸੰਗਰਾਂਦ (ਕੱਤਕ)
18 ਸ਼ਹੀਦੀ ਭਾਈ ਨਿਰਮਲ ਸਿੰਘ ਜੀ
19 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
22 ਬਰਸੀ ਮਹਾਰਾਜਾ ਦਲੀਪ ਸਿੰਘ ਜੀ
23 ਜਨਮ ਦਿਹਾੜਾ ਬਾਬਾ ਬੁੱਢਾ ਜੀ
25 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
25 ਜੋਤੀ-ਜੋਤਿ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
31 ਸ਼ਹੀਦੀ ਭਾਈ ਬੇਅੰਤ ਸਿੰਘ ਜੀ

**ਨਵੰਬਰ**
01-04 ਹਿੰਦੁਸਤਾਨ (1984 ਈ.) ਵਿੱਚ ਕਤਲ ਕੀਤੇ ਗਏ ਸਮੂਹ ਸਿੰਘ ਸਿੰਘਣੀਆਂ ਦਾ ਸ਼ਹੀਦੀ ਦਿਵਸ
01 ਬੰਦੀ ਛੋੜ ਦਿਵਸ (ਦੀਵਾਲੀ)
01 ਪੰਜਾਬੀ ਸੂਬਾ ਦਿਵਸ
03 ਗੁਰਿਆਈ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
03 ਜਨਮ ਦਿਹਾੜਾ ਮਾਤਾ ਸਾਹਿਬ ਕੌਰ ਜੀ
06 ਜੋਤੀ-ਜੋਤਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ
12 ਜਨਮ ਦਿਹਾੜਾ ਭਗਤ ਨਾਮਦੇਵ ਜੀ
15 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ (ਕੱਤਕ ਸੁਦੀ ਪੂਰਨਮਾਸੀ)
15 ਸ਼ਹੀਦੀ ਦਿਹਾੜਾ ਬਾਬਾ ਦੀਪ ਸਿੰਘ ਜੀ
16 ਸੰਗਰਾਂਦ (ਮੱਘਰ)
28 ਅਕਾਲ ਚਲਾਣਾ ਭਾਈ ਮਰਦਾਨਾ ਜੀ
30 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ

**ਦਸੰਬਰ**
04 ਗੁਰਿਆਈ ਦਿਵਸ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ
05 ਸ਼ਹੀਦੀ ਦਿਹਾੜਾ ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ
06 ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ (ਮੱਘਰ ਸੁਦੀ 5)
14 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ
15 ਸੰਗਰਾਂਦ (ਪੋਹ)
21 ਸ਼ਹੀਦੀ ਦਿਹਾੜਾ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ)
22 ਸ਼ਹੀਦੀ ਦਿਹਾੜਾ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਸਮੂਹ ਸ਼ਹੀਦ
27 ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ

**ਜਨਵਰੀ 2025**
01 ਸ਼ਹੀਦੀ ਭਾਈ ਗੁਰਦੇਵ ਸਿੰਘ ਜੀ ਕਾਉਂਕੇ (ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ)
06 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਪੋਹ ਸੁਦੀ 7ਵੀਂ)
06 ਸ਼ਹੀਦੀ ਭਾਈ ਕੇਹਰ ਸਿੰਘ ਜੀ ਅਤੇ ਭਾਈ ਸਤਵੰਤ ਸਿੰਘ ਜੀ
13 ਲੋਹੜੀ
14 ਸੰਗਰਾਂਦ (ਮਾਘ)
14 ਸ਼ਹੀਦੀ 40 ਮੁਕਤੇ (ਸ੍ਰੀ ਮੁਕਤਸਰ ਸਾਹਿਬ)
14 ਮੇਲਾ ਮਾਘੀ (ਸ੍ਰੀ ਮੁਕਤਸਰ ਸਾਹਿਬ)
14 ਨੀਂਹ ਪੱਥਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਅੰਮ੍ਰਿਤਸਰ ਸਾਹਿਬ)
27 ਜਨਮ ਦਿਹਾੜਾ ਸ਼ਹੀਦ ਬਾਬਾ ਦੀਪ ਸਿੰਘ ਜੀ

**ਫਰਵਰੀ 2025**
09 ਵੱਡਾ ਘੱਲੂਘਾਰਾ ਕੁੱਪ - ਰੋਹੀੜਾ (1762 ਈ. ਸੰਗਰੂਰ)
10 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
11 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ
12 ਜਨਮ ਦਿਹਾੜਾ ਭਗਤ ਰਵਿਦਾਸ ਜੀ
12 ਸੰਗਰਾਂਦ (ਫੱਗਣ)
21 ਸ਼ਹੀਦੀ ਸਾਕਾ ਨਨਕਾਣਾ ਸਾਹਿਬ ਤੇ ਜੈਤੋ ਦਾ ਮੋਰਚਾ

130 High Street, Smethwick, West Midlands B66 3AP | T: 0121 558 2527 | E: info@gngsmethwick.com | W: www.gngsmethwick.com
/GNGSmethwick

Please Note: The astronomical and calendrical information in this calendar is reproduced from data correct at the time of publishing. Whilst considerable care has been taken in compiling the information in this calendar the publishers cannot accept responsibility for any errors or changes which may occur.

© Designed & Printed by Dr. Print (U.K.) Ltd. | Tel: 0121 565 2622 | W: www.drprint.co.uk


ਪਾਪਣ ਇੰਦਰਾ ਨੂੰ ਸੋਧਕੇ ਕੌਮ ਦੀ ਡਿੱਗੀ ਹੋਈ
ਪੱਗ ਸਿਰ ਤੇ ਰੱਖਣ ਵਾਲੇ ਕੌਮ ਦੇ ਹੀਰੇ
ਸ਼ਹੀਦ ਭਾਈ ਬੇਅੰਤ ਸਿੰਘ ਜੀ
ਦੇ ਹੋਣਹਾਰ ਸਪੁੱਤਰ
ਸ. ਸਰਬਜੀਤ ਸਿੰਘ ਜੀ
ਲੋਕ ਸਭਾ ਹਲਕਾ
ਫਰੀਦਕੋਟ ਤੋਂ
ਅਜ਼ਾਦ ਉਮੀਦਵਾਰ
ਆਉ ਸਾਰੇ ਆਪੋ ਆਪਣਾ ਫ਼ਰਜ਼ ਸਮਝਦਿਆਂ ਉਹਨਾਂ
ਦਾ ਹਰ ਤਰ੍ਹਾਂ ਨਾਲ ਵੱਧ ਤੋਂ ਵੱਧ ਸਾਥ ਦੇਈਏ
ਵੱਲੋਂ: ਸਮੂਹ ਖ਼ਾਲਸਾ ਪੰਥ
sarabjitsinghkhalsa.maloya
+91 98154-64748


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243












ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਗੁਰਦੁਆਰਾ ਨਿਮ ਸਾਹਿਬ ਪਾਤਸ਼ਾਹੀ ਨੌਵੀਂ ਕੈਂਥਲ ਵਿਖੇ ਅੱਜ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਹੋਇਆ, 43 ਪ੍ਰਾਣੀਆਂ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨਾ ਕੀਤਾ,ਖ਼ਾਲਸਾ ਪੰਥ ਵਿੱਚ ਵਾਧਾ ਹੋਇਆ,ਜਥੇਦਾਰ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਲੱਖ ਲੱਖ ਵਧਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

# ਲੰਡਨ ਮੇਅਰ ਨੇ ਖਾਲਸੇ ਦੇ ਸਾਜਣਾ ਦਿਵਸ ਵਿਸਾਖੀ ਮੌਕੇ ਸਿੱਖ ਕੌਮ ਨੂੰ ਦਿੱਤੀਆਂ ਸੁਭ ਕਾਮਨਾਵਾਂ

















ਆਵਾਜ਼ਿ ਕੌਮ AWAZE QAUM International Newspaper & WEB TV

ਲੰਡਨ, 8 ਅਪ੍ਰੈਲ (ਸਰਬਜੀਤ ਸਿੰਘ ਬਨੂੜ)-ਲੰਡਨ ਦੇ ਮੇਅਰ ਤੇ ਰੀਫੋਮ ਯੂਕੇ ਪਾਰਟੀ ਨੇ ਖਾਲਸੇ ਦੇ ਸਾਜਣਾ ਦਿਵਸ ਵਿਸਾਖੀ ਮੌਕੇ ਸਿੱਖ ਕੌਮ ਨੂੰ ਵਧਾਈਆਂ ਦਿੱਤੀਆਂ ਗਈਆ ਹਨ। ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸ਼ਭਾ ਸਾਊਥਾਲ ਵਿੱਚ ਲੰਡਨ ਬਾਰੋ ਦੇ ਮੇਅਰ ਸਦੀਕ ਖਾਨ, ਸੰਸਦ ਮੈਂਬਰ ਵਰਿੰਦਰ ਸ਼ਰਮਾ ਨਤਮਸਤਕ ਹੋਏ। ਇਸ ਮੋਕੇ ਸਭਾ ਪ੍ਰਧਾਨ ਸ ਹਿੰਮਤ ਸਿੰਘ ਸੋਹੀ ਵੱਲੋਂ ਸੰਸਦ ਮੈਂਬਰ ਤੇ ਮੇਅਰ ਨੂੰ ਜੀ ਆਇਆਂ ਆਖਿਆ ਗਿਆ। ਇਸ ਮੌਕੇ ਮੇਅਰ ਸਦੀਕ ਖਾਨ ਤੇ ਐਮ ਪੀ ਵਰਿੰਦਰ ਸ਼ਰਮਾ ਨੇ ਸਮੁੱਚੀ ਸਿੱਖ ਜਗਤ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੀਆਂ ਸੁਭ ਕਾਮਨਾਵਾਂ ਦਿੱਤੀਆ ਗਈਆਂ। ਇਸ ਮੋਕੇ ਰਾਮ ਮੰਦਰ ਸਾਊਥਾਲ ਦੇ ਉਮੇਸ ਸ਼ਰਮਾ ਜੇ ਪੀ, ਅਰੁਣ ਠੱਕਰ ਵੀ ਮੋਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ

# ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ ’ਤੇ

# 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 ਅਗਸਤ ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 10 ਵਜੇ ਬੁਲਾਈ ਗਈ ਹੈ।



--✶ ਬੇਨਤੀ ਕਰਤਾ ✶--

**ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ

ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਵੱਲੋਂ

# ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਆਪਣੇ ਗ੍ਰਹਿ ਵਿਖੇ ਸਾਲਾਨਾ ਸ਼ੁਕਰਾਨਾ ਸਮਾਗਮ ਕਰਵਾਏ ਗਏ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਵੱਲੋਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਆਪਣੇ ਗ੍ਰਹਿ ਵਿਖੇ ਸਾਲਾਨਾ ਸ਼ੁਕਰਾਨਾ ਸਮਾਗਮ ਕਰਵਾਏ ਗਏ ਜਿਸ ਵਿੱਚ ਹੋਰਨਾਂ ਤੋਂ ਇਲਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਇਕਬਾਲ ਸਿੰਘ ਲਾਲਪੁਰਾ ਚੇਅਰਮੈਨ ਘੱਟ ਗਿਣਤੀ ਕਮਿਸ਼ਨ ਭਾਰਤ,ਸਰਦਾਰ ਵਿਕਰਮਜੀਤ ਸਿੰਘ ਸਾਹਨੀ ਮੈਂਬਰ ਰਾਜਸਭਾ,ਬਾਬਾ ਛਿੰਦਰ ਸਿੰਘ ਜੀ ਕਾਰ ਸੇਵਾ ਦਿੱਲੀ,ਬਾਬਾ ਸਤਨਾਮ ਸਿੰਘ ਕਾਰ ਸੇਵਾ ਦਿੱਲੀ,ਸੰਤ ਰਣਜੀਤ ਸਿੰਘ ਸੇਵਾਪੰਥੀ ਗੋਨਿਆਣਾ ਮੰਡੀ,ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ ਅਤੇ ਹੋਰ ਸਤਿਕਾਰ ਸ਼ਖਸ਼ੀਅਤਾਂ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਵੱਲੋਂ

# ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਆਪਣੇ ਗ੍ਰਹਿ ਵਿਖੇ ਸਾਲਾਨਾ ਸ਼ੁਕਰਾਨਾ ਸਮਾਗਮ ਕਰਵਾਏ ਗਏ










ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੌਮ ਦੇ ਮਹਾਨ ਸ਼ਹੀਦ ਸੂਰਬੀਰ ਯੋਧੇ

# ਸ਼ਹੀਦ ਭਾਈ ਜੁਗਰਾਜ ਸਿੰਘ ਤੂਫਾਨ ਦੀ ਸਲਾਨਾ ਸ਼ਹੀਦੀ ਬਰਸੀ ਮਨਾਈ ਗਈ

### ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਪ੍ਰਧਾਨ ਸੰਤ ਸਮਾਜ ਜੀ ਵਲੋਂ ਜੱਥੇ ਦੇ ਸਿੰਘਾਂ ਸਮੇਤ ਹਾਜ਼ਰੀ ਲਗਵਾਈ ਗਈ





ਆਵਾਜ਼ਿ ਕੌਮ AWAZE QAUM International Newspaper & WEB TV









ਕੌਮ ਦੇ ਮਹਾਨ ਸ਼ਹੀਦ ਸੂਰਬੀਰ ਯੋਧੇ ਸ਼ਹੀਦ ਭਾਈ ਜੁਗਰਾਜ ਸਿੰਘ ਤੂਫਾਨ ਜਿੰਨਾ ਦੀ ਸਲਾਨਾ ਸ਼ਹੀਦੀ ਬਰਸੀ ਪਿੰਡ ਚੀਮਾਂ ਖੁੱਡੀ (ਗੁਰਦਾਸਪੁਰ) ਵਿਖੇ ਮਨਾਈ ਗਈ। ਜਿਸ ਵਿੱਚ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਪ੍ਰਧਾਨ ਸੰਤ ਸਮਾਜ ਜੀ ਵਲੋਂ ਦਾਸ ਨੇ ਜਥੇ ਦੇ ਸਿੰਘਾਂ ਸਮੇਤ ਹਾਜਰੀ ਲਗਵਾਈ ਜਿਸ ਵਿੱਚ ਜਥੇਦਾਰ ਬਾਬਾ ਅਜੀਤ ਸਿੰਘ ਜੀ ਮੌਜੂਦਾ ਮੁਖੀ ਤਰਨਾਂ ਦਲ ਮਹਿਤਾ ਚੌਕ ਵੀ ਹਾਜਰ ਸਨ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਤਰਨਜੀਤ ਸਿੰਘ ਸੰਧੂ ਦੇ ਵਿਜ਼ਨ ਦਾ ਅੰਮ੍ਰਿਤਸਰ ਨੂੰ ਹੀ ਨਹੀਂ ਪੰਜਾਬ ਤੇ ਦੇਸ਼ ਨੂੰ ਵੀ ਵੱਡਾ ਲਾਭ ਮਿਲੇਗਾ - ਮੰਥਰੀ ਸ੍ਰੀ ਨਿਵਾਸੁਲੂ**

# ਪੂਰੇ ਦੇਸ਼ ਵਿਚ ਸ੍ਰੀ ਨਰਿੰਦਰ ਮੋਦੀ ਦੀ ਲਹਿਰ : ਤਰਨਜੀਤ ਸਿੰਘ ਸੰਧੂ






## ਭਾਜਪਾ ਜ਼ਿਲ੍ਹਾ ਦਿਹਾਤੀ ਦੇ ਆਗੂਆਂ ਦੀਆਂ ਸੰਧੂ ਦੇ ਹੱਕ ਵਿਚ ਚੋਣ ਪ੍ਰਚਾਰ ਤੇਜ਼ ਕਰਨ ਲਈ ਲੱਗੀਆਂ ਡਿਊਟੀਆਂ

**ਅੰਮ੍ਰਿਤਸਰ , 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਸ੍ਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਉਸਾਰੂ ਤਰੀਕੇ ਨਾਲ ਅੱਗੇ ਵਧਾਉਣ ਲਈ ਜ਼ਿਲ੍ਹਾ ਭਾਜਪਾ ਦੇ ਦਫ਼ਤਰ ਵਿਚ ਜ਼ਿਲ੍ਹਾ ਦਿਹਾਤੀ ਦੇ ਜ਼ਿੰਮੇਵਾਰ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਭਾਜਪਾ ਦੇ ਸੰਗਠਨ ਮੰਤਰੀ ਮੰਥਰੀ ਸ੍ਰੀ ਨਿਵਾਸੁਲੂ ਨੇ ਭਾਜਪਾ ਦੇ ਜੁਝਾਰੂ ਆਗੂਆਂ ਨੂੰ ਲੋਕਾਂ ਦੇ ਵਿਚ ਜਾਣ ਦਾ ਆਦੇਸ਼ ਦਿੱਤਾ ਅਤੇ ਕਿਹਾ ਕਿ ਲੋਕ ਉਨ੍ਹਾਂ ਦਾ ਇੰਤਜ਼ਾਰ ਕਰ ਰਹੇ ਹਨ ਕਿਉਂਕਿ ਦੇਸ਼ ਦੇ ਸੂਝਵਾਨ ਲੋਕ ਸਿਰਫ਼ ਸ੍ਰੀ ਨਰਿੰਦਰ ਮੋਦੀ ਨੂੰ ਹੀ ਮੁੜ ਦੇਸ਼ ਦਾ ਪ੍ਰਧਾਨ ਮੰਤਰੀ ਵੇਖਣਾ ਚਾਹੁੰਦੇ ਹਨ ।

ਉਹਨਾਂ ਕਿਹਾ ਕੇ ਪਾਰਟੀ ਨੇ ਤਰਨਜੀਤ ਸਿੰਘ ਸੰਧੂ ਦੇ ਰੂਪ ਵਿਚ ਅੰਮ੍ਰਿਤਸਰ ਨੂੰ ਇਕ ਸੂਝਵਾਨ ਅਤੇ ਕਾਬਲ ਉਮੀਦਵਾਰ ਦਿੱਤਾ ਹੈ। ਜਿਸ ਨੇ ਅਮਰੀਕਾ ਵਿਚ ਇਕ ਰਾਜਦੂਤ ਵਜੋਂ ਸੇਵਾ ਨਿਭਾਉਂਦਿਆਂ ਕੂਟਨੀਤੀ ਰਾਹੀ ਦੇਸ਼ ਦੀ ਸੇਵਾ ਕੀਤੀ ਅਤੇ ਭਾਰਤ ਅਮਰੀਕਾ ਸੰਬੰਧ ਨੂੰ ਭਾਈਵਾਲੀ ਵਿਚ ਬਦਲਿਆ। ਉਹਨਾਂ ਸਰਦਾਰ ਸੰਧੂ ਦਾ ਪਰਿਵਾਰਕ ਪਿਛੋਕੜ ਸਿੱਖ ਕੌਮ ਅਤੇ ਪੰਜਾਬੀਆਂ ਵਿਚ ਸਤਿਕਾਰ ਵਾਲਾ ਹੈ। ਇਸ ਨੂੰ ਹੋਰ ਪਸੇਰਿਆਂ ਕਰਦਿਆਂ ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਭਾਗ ਚੰਗੇ ਹਨ ਕਿ ਇਸ ਵਾਰ ਜਿਹੜੇ ਉਮੀਦਵਾਰ ਨੂੰ ਸ੍ਰੀ ਨਰਿੰਦਰ ਮੋਦੀ ਜੀ ਨੇ ਇੱਥੋਂ ਚੋਣ ਲੜਨ ਲਈ ਇੱਥੇ ਭੇਜਿਆ ਹੈ ਉਨ੍ਹਾਂ ਦਾ ਵਿਜ਼ਨ ਬਹੁਤ ਵੱਡਾ ਜਿਸ ਦਾ ਸਿਰਫ਼ ਅੰਮ੍ਰਿਤਸਰ ਨੂੰ ਹੀ ਨਹੀਂ ਪੰਜਾਬ ਅਤੇ ਦੇਸ਼ ਨੂੰ ਵੀ ਬਹੁਤ ਵੱਡਾ ਲਾਭ ਮਿਲਣ ਵਾਲਾ ਹੈ । ਉਨ੍ਹਾਂ ਕਿ ਸ੍ਰ ਤਰਨਜੀਤ ਸਿੰਘ ਸੰਧੂ ਆਪਣੇ ਉਸ ਪਰਿਵਾਰ ਦੀ ਵਿਰਾਸਤ ਨੂੰ ਹੀ ਅੱਗੇ ਲੈ ਕੇ ਜਾਣ ਵਾਲੇ ਹਨ ਜਿਨ੍ਹਾਂ ਦੀਆਂ ਪੰਜਾਬ ਦੇ ਇਤਿਹਾਸ ਵਿਚ ਵੱਖਰੀਆਂ ਹੀ ਪੈੜਾਂ ਹਨ ਅਤੇ ਉਸ ਤੇ ਸਾਰੇ ਪੰਜਾਬੀਆਂ ਨੂੰ ਮਾਣ ਹੈ । ਉਹਨਾਂ ਸੰਧੂ ਦੀ ਵੱਡੀ ਲੀਡ ਨਾਲ ਜਿੱਤ ਯਕੀਨੀ ਬਣਾਉਣ ਲਈ ਘਰ ਘਰ ਜਾਣ ਅਤੇ ਚੋਣ ਪ੍ਰਚਾਰ ਕਰਨ ਲਈ ਕਿਹਾ। ਇਸ ਮੌਕੇ ਭਾਜਪਾ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਪੂਰੇ ਦੇਸ਼ ਵਿਚ ਸ੍ਰੀ ਨਰਿੰਦਰ ਮੋਦੀ ਦੀ ਲਹਿਰ ਚੱਲ ਰਹੀ ਹੈ। ਲੋਕ ਭਾਜਪਾ ਦੇ ਨਾਲ ਦਿਲੋਂ ਜੁੜੇ ਹੋਏ ਹਨ। ਇਹ ਸਮਾਂ ਸਿਰਫ਼ ਉਨ੍ਹਾਂ ਕੋਲ ਪਹੁੰਚ ਕਰਨ ਅਤੇ ਭਾਜਪਾ ਦੀਆਂ ਨੀਤੀਆਂ ਨੂੰ ਲੋਕਾਂ ਕੋਲ ਪਹੁੰਚਾਉਣ ਦਾ ਹੈ ਜਿਸ ਦੇ ਲਈ ਹਰੇਕ ਵਰਕਰ ਨੂੰ ਆਪਣੀਆਂ ਤਿਆਰੀਆਂ ਕਸ ਲੈਣੀਆਂ ਚਾਹੀਦੀਆਂ ਹਨ । ਉਨ੍ਹਾਂ ਕਿਹਾ ਕਿ ਉਹਨਾਂ ਦਾ ਮਕਸਦ ਅੰਮ੍ਰਿਤਸਰ ਨੂੰ ਇਸ ਦਾ ਪਹਿਲੇ ਵਾਲਾ ਦਰਜਾ ਮੁੜ ਦਿਵਾਉਣ ਦਾ ਹੈ। ਅੰਮ੍ਰਿਤਸਰ ਤੇ ਸਰਹੱਦੀ ਖੇਤਰ ਦੇ ਵਿਕਾਸ ਲਈ ਉਹ ਜੀ ਜਾਨ ਲਾਉਣਗੇ ਅਤੇ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਇਹ ਵੀ ਕਿਹਾ ਕਿ ਅੰਮ੍ਰਿਤਸਰ ਦੇ ਸੂਝਵਾਨ ਲੋਕ ਇਸ ਗੱਲ ਨੂੰ ਹੁਣ ਭਲੀਭਾਂਤ ਸਮਝ ਗਏ ਹਨ ਕਿ ਇਸ ਵਾਰ ਕੋਈ ਵੀ ਗ.ਲਤੀ ਨਹੀਂ ਕਰਨਗੇ ਅਤੇ ਭਾਜਪਾ ਦੇ ਹੀ ਉਮੀਦਵਾਰ ਨੂੰ ਇੱਥੋਂ ਜਿਤਾ ਕੇ ਭੇਜਣਗੇ । ਇਸ ਤੋਂ ਪਹਿਲਾਂ ਭਾਜਪਾ ਉਮੀਦਵਾਰ ਸ੍ਰ ਤਰਨਜੀਤ ਸਿੰਘ ਸੰਧੂ ਨੂੰ ਉਨ੍ਹਾਂ ਦ ?ਾ ਇੱਥੇ ਪੁੱਜਣ ਤੇ ਸਵਾਗਤ ਕੀਤਾ ਅਤੇ ਹੁਣ ਤਕ ਦੀ ਚੋਣ ਮੁਹਿੰਮ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ । ਉਨ੍ਹਾਂ ਆਪਣੇ ਅੰਮ੍ਰਿਤਸਰ ਵਿਜ਼ਨ ਤੋਂ ਵੀ ਜਾਣੂ ਕਰਵਾਇਆ ਜਿਸ ਦੀ ਪ੍ਰੇਰਣਾ ਉਨ੍ਹਾਂ ਨੂੰ ਪਰਿਵਾਰ ਦੀ ਵਿਰਾਸਤ ਵਿੱਚੋਂ ਮਿਲੀ ਹੈ । ਉਨ੍ਹਾਂ ਕਿਹਾ ਅੰਮ੍ਰਿਤਸਰ ਦੀ ਜਿੰਨੀ ਵਿਸ਼ਵ ਵਿਚ ਮਹਾਨਤਾ ਹੈ ਉਸ ਨੂੰ ਸਮਝਣ ਅਤੇ ਉਸ ਅਨੁਸਾਰ ਹੋਰ ਕੰਮ ਕਰਨ ਦੀ ਲੋੜ ਹੈ ਜਿਸ ਦੇ ਲਈ ਉਹ ਲੱਗੇ ਹੋਏ ਹਨ । ਉਨ੍ਹਾਂ ਕਿਹਾ ਕਿ ਮੈਨੂੰ ਪੂਰਾ ਯਕੀਨ ਹੈ ਕਿ ਅੰਮ੍ਰਿਤਸਰ ਦੇ ਲੋਕ ਉਨ੍ਹਾਂ ਦਾ ਅੰਮ੍ਰਿਤਸਰ ਨੂੰ ਹੋਰ ਉੱਚਾ ਚੁੱਕਣ ਲਈ ਪੂਰਾ ਸਹਿਯੋਗ ਦੇਣਗੇ । ਇਸ ਮੌਕੇ ਭਾਜਪਾ ਆਗੂ ਜਗਮੋਹਨ ਸਿੰਘ ਰਾਜੂ, ਰਾਜਿੰਦਰ ਮੋਹਨ ਸਿੰਘ ਛੀਨਾ, ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਮੰਨਾਂ, ਅਮਰਪਾਲ ਸਿੰਘ ਬੋਨੀ ਅਜਨਾਲਾ ਪ੍ਰਧਾਨ ਓਬੀਸੀ, ਮੁਖਵਿੰਦਰ ਸਿੰਘ ਬੱਲ, ਬੀਬੀ ਬਲਵਿੰਦਰ ਕੌਰ ਦੇਵਗਨ, ਪ੍ਰਦੀਪ ਸਿੰਘ ਭੁੱਲਰ , ਪ੍ਰੋਫ਼ੈਸਰ ਸਰਚਾਂਦ ਸਿੰਘ ,ਸੁਸ਼ੀਲ ਦੇਵਗਨ ਨੇ ਵਿਸ਼ਵਾਸ ਦਵਾਇਆ ਕਿ ਉਹ ਮੋਦੀ ਸਰਕਾਰ ਦੀਆਂ ਪ੍ਰਾਪਤੀਆਂ ਲੋਕਾਂ ਵਿਚ ਲੈ ਕੇ ਜਾਣਗੇ ਅਤੇ ਭਾਜਪਾ ਦੇ ਉਮੀਦਵਾਰ ਸ੍ਰ ਤਰਨਜੀਤ ਸਿੰਘ ਸੰਧੂ ਨੂੰ ਅੰਮ੍ਰਿਤਸਰ ਦਿਹਾਤੀ ਵਿੱਚੋਂ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿਚ ਭੇਜਣਗੇ । ਇਸ ਲਈ ਉਹ ਮਿਲ ਕੇ ਸੰਧੂ ਦੇ ਹੱਕ ਵਿਚ ਲੋਕਾਂ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕਰਨਗੇ। ਉਨ੍ਹਾਂ ਇਹ ਵੀ ਵਿਸ਼ਵਾਸ ਦਵਾਇਆ ਕਿ ਇਸ ਸਮੇਂ ਚੋਣ ਮੁਹਿੰਮ ਨੂੰ ਹੋਰ ਪੱਕੇ ਪੈਰੀਂ ਕਰਨ ਲਈ ਉਹ ਦਿਨ ਰਾਤ ਇੱਕ ਕਰ ਦੇਣਗੇ ਤਾਂ ਕਿ ਭਵਿੱਖ ਵਿਚ ਅੰਮ੍ਰਿਤਸਰ ਵਿਕਾਸ ਪੱਖੋਂ ਇਸ ਵਾਰ ਵਿਰਵਾ ਨਾ ਰਹਿ ਜਾਵੇ। ਇਸ ਮੌਕੇ ਭਾਜਪਾ ਦੇ ਵੱਖ-ਵੱਖ ਵਿੰਗਾਂ ਦੇ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੇ ਆਪਣੀ ਭਰਵੀਂ ਹਾਜ਼ਰੀ ਲਗਵਾਈ। ਇਸ ਮੌਕੇ ਚੋਣ ਪ੍ਰਚਾਰ ਨੂੰ ਹੋਰ ਤੇਜ਼ ਕਰਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਵੀ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਡਿਊਟੀਆਂ ਵੀ ਸਮਝਾਈਆਂ ਗਈਆਂ ।

**ਸਵਦੇਸ਼ੀ ਜਾਗਰਣ ਮੰਚ ਅੰਮ੍ਰਿਤਸਰ ਵੱਲੋਂ ਅੰਮ੍ਰਿਤਸਰ ਤੋਂ**

# ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਪੂਰਾ ਸਹਿਯੋਗ ਦੇਣ ਦਾ ਐਲਾਨ



## ਨੌਜਵਾਨ ਹਮੇਸ਼ਾਂ ਮੇਰੇ ਲਈ ਕੇਂਦਰ ਬਿੰਦੂ ਰਹੇਗਾ - ਤਰਨਜੀਤ ਸਿੰਘ ਸੰਧੂ ਸਮੁੰਦਰੀ

**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਵਿੱਚ ਪਿਛਲੇ ਕਈ ਸਾਲਾਂ ਤੋਂ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਲਈ ਕੰਮ ਕਰ ਰਹੇ ਸਵਦੇਸ਼ੀ ਜਾਗਰਣ ਮੰਚ ਅੰਮ੍ਰਿਤਸਰ ਵੱਲੋਂ ਅਗਾਮੀ ਲੋਕ ਸਭਾ ਚੋਣਾਂ ਵਿੱਚ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਭਰੋਸਾ ਦਿੰਦੇ ਹੋਏ ਸਵਦੇਸ਼ੀ ਜਾਗਰਣ ਮੰਚ ਵੱਲੋਂ ਆਪਣਾ ਪੂਰਾ ਸਹਿਯੋਗ ਦੇਣ ਦਾ ਐਲਾਨ ਕੀਤਾ ਹੈ।

ਇਸ ਮੌਕੇ ਸਵਦੇਸ਼ੀ ਜਾਗਰਣ ਮੰਚ ਦੇ ਪੰਜਾਬ ਕੋਆਰਡੀਨੇਟਰ ਸ੍ਰੀ ਅਰਵਿੰਦ ਸ਼ਰਮਾ, ਪੰਜਾਬ ਕੋਆਰਡੀਨੇਟਰ ਸਵੈ-ਨਿਰਭਰ ਭਾਰਤ ਅਭਿਆਨ ਡਾ.ਨੇਹਾ ਤੇਜਪਾਲ, ਵਿਭਾਗ ਕੋਆਰਡੀਨੇਟਰ ਸੀ. ਏ ਅਮਿਤ ਹਾਂਡਾ, ਵਿੱਤੀ ਕੋਆਰਡੀਨੇਟਰ ਸੀ.ਏ.ਭਾਵੇਸ਼ ਮਹਾਜਨ, ਅੰਮ੍ਰਿਤਸਰ ਮੈਟਰੋਪੋਲੀਟਨ ਕੋਆਰਡੀਨੇਟਰ ਸੀ.ਏ.ਇਕਬਾਲ ਗਰੋਵਰ, ਅੰਮ੍ਰਿਤਸਰ ਕੋਆਰਡੀਨੇਟਰ ਡਾ. ਰਾਜੀਵ ਸ਼ਰਮਾ, ਕੋ-ਕਨਵੀਨਰ ਐਡਵੋਕੇਟ ਪਿਯੂਸ਼ ਭਾਟੀਆ ਅੰਮ੍ਰਿਤਸਰ, ਮਹਿਲਾ ਕੋ-ਕਨਵੀਨਰ ਲੇਖਿਕਾ ਮਿਸ਼ਤੀ ਅਰੁਣ ਅਤੇ ਸ਼੍ਰੀ ਪੰਕਜ, ਕੁਮਾਰੀ ਕੀਰਤੀ ਅਤੇ ਕੁਸ਼ਾਗਰਾ ਨੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੰਧੂ ਨਾਲ ਸਵਦੇਸ਼ੀ ਜਾਗਰਣ ਮੰਚ ਦੇ ਮੂਲ ਉਦੇਸ਼ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਆਰਥਿਕ ਸਸ਼ਕਤੀਕਰਨ ਪ੍ਰਦਾਨ ਕਰਨ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਸਵਦੇਸ਼ੀ ਜਾਗਰਣ ਮੰਚ ਨੇ ਕਿਹਾ ਕਿ ਜਿੱਥੇ ਅਸੀਂ ਨੌਜਵਾਨਾਂ ਦੇ ਉਥਾਨ ਨੂੰ ਸਮਰਪਿਤ ਹਾਂ, ਉੱਥੇ ਹੀ ਸ਼੍ਰੀ ਸੰਧੂ ਵੀ ਨੌਜਵਾਨਾਂ ਨੂੰ ਸਹੀ ਸੇਧ ਦੇਣ ਅਤੇ ਉਨ੍ਹਾਂ ਦੇ ਭਵਿਖ ਲਈ ਕਾਰਜ ਕਰ ਰਹੇ ਹਨ। ਸ. ਸੰਧੂ ਸਮੁੰਦਰੀ ਨੇ ਕਿਹਾ ਕਿ ਜਿੱਥੇ ਅੰਮ੍ਰਿਤਸਰ ਦਾ ਵਿਕਾਸ ਉਨ੍ਹਾਂ ਦਾ ਪ੍ਰਥਮ ਏਜੰਡਾ ਹੈ ਉੱਥੇ ਹੀ ਨੌਜਵਾਨਾਂ ਦੇ ਜੀਵਨ ਨੂੰ ਸਹੀ ਦਿਸ਼ਾ ਦੇਣਾ ਅਤੇ ਰੁਜ਼ਗਾਰ ਲਈ ਯਤਨਸ਼ੀਲ ਰਹਿਣਾ ਉਹ ਆਪਣਾ ਫ਼ਰਜ਼ ਸਮਝ ਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਹਮੇਸ਼ਾਂ ਕੇਂਦਰ ਬਿੰਦੂ ਰਹੇਗਾ ਅਤੇ ਇਨ੍ਹਾਂ ਦੀ ਚੜ੍ਹਦੀ ਕਲਾ ਨਾਲ ਪੂਰੇ ਅੰਮ੍ਰਿਤਸਰ ਦੀ ਤਰੱਕੀ ਹੋਵੇਗੀ।

# ਸਭ ਦਲਿਤਾਂ ਤੇ ਪਛੜਿਆਂ ਨੂੰ ਸਿਖ ਧਰਮ ਅਪਨਾ ਲੈਣਾ ਚਾਹੀਦਾ ਹੈ : ਤਮਿਲ ਦਲਿਤ ਸਿੱਖ ਜੀਵਨ ਸਿੰਘ



ਤਾਮਿਲ ਦਲਿਤ ਜੀਵਨ ਰਾਮ ਤੋਂ ਸਿਖ ਬਣੇ ਜੀਵਨ ਸਿੰਘ ਨੇ ਕਿਹਾ ਕਿ ਪਛੜੀਆਂ, ਦਲਿਤਾਂ, ਕਬੀਲਿਆਂ ਦੀ ਮੁਕਤੀ ਤੇ ਅਜ਼ਾਦੀ ਦਾ ਧਰਮ ਸਿਖ ਹੈ। ਸਭ ਦਲਿਤਾਂ ਤੇ ਪਛੜਿਆਂ ਨੂੰ ਸਿਖ ਧਰਮ ਅਪਨਾ ਲੈਣਾ ਚਾਹੀਦਾ ਹੈ।ਸਾਨੂੰ ਸਿਖ ਧਰਮ ਵਿਚ ਬਹੁਤ ਸਤਿਕਾਰ ਮਿਲ ਰਿਹਾ ਹੈ।ਉਹਨਾਂ ਕਿਹਾ ਕਿ ਕਾਂਸ਼ੀਰਾਮ ਬਹੁਜਨ ਸੰਸਥਾਪਕ ਦਾ ਜੋ ਸਿਆਸੀ ਨਿਸ਼ਾਨਾ ਗੁਰੂ ਗਰੰਥ ਸਾਹਿਬ ਅਨੁਸਾਰ ਰਾਜਨੀਤੀ ਤੇ ਸਮਾਜ ਉਸਾਰਨਾ ਹੈ ਉਹੀ ਸਾਡਾ ਨਿਸ਼ਾਨਾ ਹੈ।ਉਨ੍ਹਾਂ ਕਿਹਾ ਕਿ ਉਹ ਪੰਜਾਬੀ ਤੇ ਹਿੰਦੀ ਜਲਦੀ ਸਿਖ ਰਹੇ ਹਨ। **-ਪੇਸ਼ਕਸ਼ : ਬਲਵਿੰਦਰ ਪਾਲ ਸਿੰਘ ਪ੍ਰੋ.**

# ਪੰਜਾਬ ਦੇ ਪਾਣੀਆਂ ਦੇ ਹੱਕ ’ਤੇ ਅਕਾਲੀ ਦਲ ਨੇ ਭਗਵੰਤ ਮਾਨ ਤੋਂ ਸਪੱਸ਼ਟੀਕਰਨ ਮੰਗਿਆ

**☛ ਪੰਜਾਬ ਵਾਸੀਆਂ ਨੂੰ ਸਤਲੁਜ ਯਮੁਨਾ ਲਿੰਕ ਦੇ ਅਧਿਕਾਰਾਂ ’ਤੇ ਮੁੱਖ ਮੰਤਰੀ ਮਾਨ ਦੇਣ ਸਪੱਸ਼ਟ ਬਿਆਨ - ਪੀਰ ਮੁਹੰਮਦ ☛ ਸੁਸ਼ੀਲ ਕੁਮਾਰ ਦੀ ਚੋਣ ਮੁਹਿੰਮ ’ਚ ਭਗਵੰਤ ਮਾਨ ਦੀ ਭੂਮਿਕਾ ਬੇਨਕਾਬ ਹੋਈ - ਕਰਨੈਲ ਸਿੰਘ ਪੀਰ ਮੁਹੰਮਦ**



**ਚੰਡੀਗੜ੍ਹ, 08 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕ ਸਭਾ ਚੋਣਾਂ ਮੱਦੇਨਜ਼ਰ ਕੁਰੂਕਸ਼ੇਤਰ ਤੋਂ ਸੁਸ਼ੀਲ ਕੁਮਾਰ ਨੂੰ ਸਮਰਥਨ ਦੇਣ ’ਤੇ ਖੁੱਲ੍ਹ ਕੇ ਸਵਾਲ ਚੁੱਕੇ ਹਨ, ਆਮ ਆਦਮੀ ਪਾਰਟੀ ਦੇ ਦੋਹਰੇ ਮਾਪਦੰਡਾਂ ਦਾ ਖੁਲਾਸਾ ਕਰਦੇ ਹੋਏ। ਸ੍ਰ. ਪੀਰ ਮੁਹੰਮਦ ਨੇ ਰਾਜ ਸਭਾ ਮੈਂਬਰ ਵਜੋਂ, ਸੁਸ਼ੀਲ ਕੁਮਾਰ, ਜਿਸ ਨੇ ਪਹਿਲਾਂ ਵਿਵਾਦਪੂਰਨ ਸਤਲੁਜ ਯਮੁਨਾ ਲਿੰਕ (ਐਸਵਾਈਐਲ) ਨਹਿਰ ਦੇ ਵਿਵਾਦ ਵਿੱਚ ਹਰਿਆਣਾ ਦੇ ਹਿੱਤਾਂ ਦਾ ਸਮਰਥਨ ਕੀਤਾ ਸੀ, ਦੁਆਰਾ ਲਏ ਗਏ ਵਿਰੋਧੀ ਰੁਖ਼ ਵੱਲ ਇਸ਼ਾਰਾ ਕੀਤਾ, ਜੋ ਕਿ ਐਸਵਾਈਐਲ ਨਹਿਰ ਦਾ ਪਾਣੀ ਹਰਿਆਣਾ ਦਾ ਹੱਕ ਹੋਣ ਦੀ ਵਕਾਲਤ ਕਰਦਾ ਸੀ। ਅਜਿਹੀ ਸਥਿਤੀ ਆਮ ਆਦਮੀ ਪਾਰਟੀ ਦੀ ਭਰੋਸੇਯੋਗਤਾ ਬਾਰੇ ਦਰਪੇਸ਼ ਮੁਸ਼ਕਲਾਂ ਪੈਦਾ ਕਰਦੀ ਹੈ, ਜਿਸ ਨਾਲ ਪੀਰ ਮੁਹੰਮਦ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਸੁਸ਼ੀਲ ਕੁਮਾਰ ਦੀ ਹਮਾਇਤ ਅਤੇ ਪੰਜਾਬ ਦੇ ਜਲ ਸਰੋਤਾਂ ’ਤੇ ਪ੍ਰਭਾਵ ਬਾਰੇ ਸਪੱਸ਼ਟੀਕਰਨ ਮੰਗਣ ਲਈ ਸਿੱਧੇ ਸੁਆਲ ਕੀਤੇ। ਇਥੇ ਇੱਕ ਜਨਤਕ ਬਿਆਨ ਵਿੱਚ, ਪੀਰ ਮੁਹੰਮਦ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਜਾਬ ਦੇ ਲੋਕਾਂ ਨੂੰ ਇਹਨਾਂ ਸਿਆਸੀ ਵਿਰੋਧਤਾਈਆਂ ਦੇ ਪਿੱਛੇ ਦੇ ਮਨੋਰਥਾਂ ਬਾਰੇ ਇੱਕ ਸੁਹਿਰਦ ਸਪੱਸ਼ਟੀਕਰਨ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਇਸ ਸੰਵੇਦਨਸ਼ੀਲ ਅਤੇ ਨਾਜ਼ੁਕ ਮੁੱਦੇ ’ਤੇ ਪਾਰਦਰਸ਼ੀ ਲੀਡਰਸ਼ਿਪ ਦੀ ਲੋੜ ਨੂੰ ਦਰਸਾਉਂਦਿਆਂ ’ਕਿਹਾ ਕਿ ਐਸਵਾਈਐਲ ਦਾ ਪਾਣੀ ਪੰਜਾਬ ਦੇ ਲੋਕਾਂ ਦਾ ਹੈ ਜਾਂ ਹਰਿਆਣਾ ਦੇ ਲੋਕਾਂ ਦਾ ? ਇਸ ਬਾਰੇ ਭਗਵੰਤ ਮਾਨ ਸਪਸ਼ਟੀਕਰਨ ਦੇਣ। ਸ੍ਰ. ਪੀਰ ਮੁਹੰਮਦ ਨੇ ਕਿਹਾ ਕਿ ਪੰਜਾਬ ਦੇ ਲੋਕ ਸਮਝਦਾਰ ਹੋ ਗਏ ਹਨ ਅਤੇ ਉਹ ਆਮ ਆਦਮੀ ਪਾਰਟੀ ਦੀਆਂ ਧੋਖੇਬਾਜ਼ ਚਾਲਾਂ ਤੋਂ ਪ੍ਰਭਾਵਿਤ ਨਹੀਂ ਹੋਣਗੇ। ਸਿਰਫ਼ ਸ਼੍ਰੋਮਣੀ ਅਕਾਲੀ ਦਲ ਹੀ, ਪੰਜਾਬ ਦੇ ਹਿੱਤਾਂ ਦੀ ਨੁਮਾਇੰਦਗੀ ਕਰਨ ਲਈ ਸਮਰਪਿਤ ਖ਼ੇਤਰੀ ਪਾਰਟੀ ਹੈ, ਇਸ ਅਹਿਮ ਮੁੱਦੇ ’ਤੇ ਸਾਡੇ ਸੂਬੇ ਦੀ ਭਲਾਈ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਕਾਲਤ ਕਰ ਸਕਦੀ ਹੈ। ਲੋਕ ਸਭਾ ਚੋਣਾਂ ਦਾ ਜੋਸ਼ ਵਧਣ ਦੇ ਨਾਲ ਹੀ, ਕਰਨੈਲ ਸਿੰਘ ਪੀਰ ਮੁਹੰਮਦ ਨੇ ਨੈਤਿਕ ਸ਼ਾਸਨ ਦੀ ਮਹੱਤਤਾ ਅਤੇ ਪੰਜਾਬ ਦੇ ਸਰਵੋਤਮ ਹਿੱਤਾਂ ਦੀ ਸੇਵਾ ਲਈ ਅਟੁੱਟ ਵਚਨਬੱਧਤਾ ਨੂੰ ਰੇਖਾਂਕਿਤ ਕੀਤਾ, ਸ਼੍ਰੋਮਣੀ ਅਕਾਲੀ ਦਲ ਦੇ ਪੰਜਾਬ ਦੇ ਲੋਕਾਂ ਪ੍ਰਤੀ ਦ੍ਰਿੜ ਸਮਰਪਣ ਨੂੰ ਦੁਹਰਾਇਆ।

## ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਤੇ ਹੋਰ ਪੰਥਕ ਆਗੂਆਂ ਦੀ ਗੈਰ ਕਾਨੂੰਨੀ ਕੀਤੀ ਗ੍ਰਿਫਤਾਰੀ ਨਿੰਦਣਯੋਗ : ਇਮਾਨ ਸਿੰਘ ਮਾਨ

# ਕੀ ਹੁਕਮਰਾਨ ਖੁਦ ਸਿੱਖਾਂ ਨਾਲ ਬੇਇਨਸਾਫ਼ੀ ਕਰ, ਹਥਿਆਰ ਚੁੱਕਣ ਲਈ ਮਜ਼ਬੂਰ ਨਹੀ ਕਰ ਰਿਹਾ ?



**ਨਵੀਂ ਦਿੱਲੀ, 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** "ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਹਮਖਿਆਲੀ ਪੰਥਕ ਧਿਰਾਂ ਅਤੇ ਸਖਸ਼ੀਅਤਾਂ ਵੱਲੋ ਸੋਚ-ਵਿਚਾਰ ਉਪਰੰਤ ਸਰਬਸੰਮਤੀ ਨਾਲ ਹੀ ਕਈ ਵੱਡੇ ਫੈਸਲੇ ਕੀਤੇ ਜਾਂਦੇ ਹਨ ਅਤੇ ਫਿਰ ਉਨ੍ਹਾਂ ਫੈਸਲਿਆ ਨੂੰ ਲਾਗੂ ਕਰਨ ਲਈ ਸਾਡੀ ਪਾਰਟੀ ਅਤੇ ਪੰਥਕ ਧਿਰਾਂ ਸਮੂਹਿਕ ਤੌਰ ਤੇ ਉੱਦਮ ਕਰਦੀਆਂ ਹਨ। ਇਹ ਸਭ ਨੂੰ ਜਾਣਕਾਰੀ ਹੈ ਕਿ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ-ਪਿਤਾ ਡਿਬਰੂਗੜ੍ਹ ਜੇਲ ਵਿਚ ਗੈਰ ਵਿਧਾਨਿਕ ਤਰੀਕੇ ਬੰਦੀ ਬਣਾਏ ਗਏ ਸਿੰਘਾਂ ਦੀ ਬਿਨ੍ਹਾਂ ਸ਼ਰਤ ਰਿਹਾਈ ਦੇ ਮਕਸਦ ਅਧੀਨ ਲੰਮੇ ਸਮੇ ਤੋਂ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਬਾਹਰ ਮੋਰਚਾ ਲਗਾਕੇ ਬੈਠੇ ਹਨ । ਜਿਥੇ ਪੰਜਾਬ ਤੇ ਹੋਰ ਸੂਬਿਆਂ ਤੋਂ ਰੋਜਾਨਾ ਹੀ ਸਿੱਖ ਸੰਗਤਾਂ ਅਤੇ ਜਥੇ ਹਾਜਰੀ ਲਗਾਉਣ ਆਉਦੇ ਹਨ । ਬੀਤੇ ਦਿਨੀਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋ ਇਨ੍ਹਾਂ ਰਿਹਾਈਆ ਨੂੰ ਲੈਕੇ ਰੋਸ ਕਰਦੇ ਹੋਏ ਮਾਰਚ ਚੱਲਿਆ ਸੀ । ਜੋ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਮੋਰਚੇ ਦੇ ਸਥਾਂਨ ਤੇ ਪਹੁੰਚਣਾ ਸੀ । ਪਰ ਸੈਂਟਰ ਦੀ ਮੋਦੀ ਹਕੂਮਤ ਦੇ ਗੁਪਤ ਹੁਕਮਾਂ ਨੂੰ ਲਾਗੂ ਕਰਦੇ ਹੋਏ ਜੋ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਬੀਬੀ ਬਲਵਿੰਦਰ ਕੌਰ ਮਾਤਾ ਭਾਈ ਅੰਮ੍ਰਿਤਪਾਲ ਸਿੰਘ, ਸ. ਉਪਕਾਰ ਸਿੰਘ ਸੰਧੂ, ਸ. ਹਰਪਾਲ ਸਿੰਘ ਬਲੇਰ ਦੋਵੇ ਜਰਨਲ ਸਕੱਤਰ, ਬਲਵੰਤ ਸਿੰਘ ਗੋਪਾਲਾ, ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ, ਜਸਵੀਰ ਸਿੰਘ ਬੱਚੜੇ, ਰਣਜੀਤ ਸਿੰਘ ਦਮਦਮੀ ਟਕਸਾਲ, ਕੁਲਵੰਤ ਸਿੰਘ ਮਜੀਠਾ ਅਤੇ ਕੋਈ 25-30 ਹੋਰ ਪੰਥਕ ਆਗੂਆਂ ਨੂੰ ਗ੍ਰਿਫਤਾਰ ਕਰਨ ਜਾਂ ਘਰਾਂ ਵਿਚ ਨਜਰਬੰਦ ਕਰਨ ਦੇ ਅਮਲ ਕੀਤੇ ਹਨ । ਇਹ ਕਾਰਵਾਈ ਜਮਹੂਰੀਅਤ ਨਿਯਮਾਂ ਦੀ ਉਲੰਘਣਾ ਅਤੇ ਗੈਰ ਵਿਧਾਨਿਕ ਅਤਿ ਨਿੰਦਣਯੋਗ ਕਾਰਵਾਈ ਹੈ । ਜਿਸਦੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਖਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ ।"

ਇਹ ਵਿਚਾਰ ਸ. ਇਮਾਨ ਸਿੰਘ ਮਾਨ ਸਰਪ੍ਰਸਤ ਯੂਥ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਦਿਨੀਂ ਅੰਮ੍ਰਿਤਸਰ ਜ਼ਿਲ੍ਹੇ ਵਿਖੇ ਅਤੇ ਹੋਰ ਪੰਜਾਬ ਵਿਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਹੋਰ ਪੰਥਕ ਧਿਰਾਂ ਦੇ ਮੈਬਰਾਂ ਤੇ ਨੁਮਾਇੰਦਿਆ ਨੂੰ ਜ਼ਬਰੀ ਗੈਰ ਵਿਧਾਨਿਕ ਢੰਗ ਰਾਹੀ ਗ੍ਰਿਫਤਾਰ ਕਰਨ ਅਤੇ ਨਜਰਬੰਦ ਕਰਨ ਦੀਆਂ ਕਾਰਵਾਈਆ ਨੂੰ ਗੈਰ ਜਮਹੂਰੀਅਤ ਕਰਾਰ ਦਿੰਦੇ ਹੋਏ ਅਤੇ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਜਾਹਰ ਕੀਤੇ । ਉਨ੍ਹਾਂ ਕਿਹਾ ਕਿ ਸਿੱਖਾਂ ਨੂੰ, ਖ਼ਾਲਸੇ ਨੂੰ ਅਤੇ ਖ਼ਾਲਿਸਤਾਨ ਦੇ ਨਾਵਾਂ ਨੂੰ ਰੈਡੀਕਲਜ ਕਹਿਕੇ ਸਿੱਖਾਂ ਨੂੰ ਨਫਰਤ ਦਾ ਨਿਸ਼ਾਨਾਂ ਬਣਾਇਆ ਜਾ ਰਿਹਾ ਹੈ । ਜਿਸ ਤਰ੍ਹਾਂ ਮੰਨੂਸਮ੍ਰਿਤੀ ਨੇ ਕਈ ਵਰਣਾ ਤੇ ਜਾਤਾਂ ਨੂੰ ਦੋਸ਼ਪੂਰਨ ਬਣਾਕੇ ਉਨ੍ਹਾਂ ਉਤੇ ਵੱਖਰੇਪਣ ਦੀ ਸੋਚ ਅਧੀਨ ਬਲਾਤਕਾਰ, ਅੱਤਿਆਚਾਰ ਦੇ ਨਾਮ ਦੇ ਕੇ ਬਦਨਾਮ ਕੀਤਾ ਜਾਂਦਾ ਹੈ, ਉਸੇ ਤਰ੍ਹਾਂ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਨੂੰ ਨਿਸ਼ਾਨਾਂ ਵੀ ਬਣਾ ਰਹੀ ਹੈ ਅਤੇ ਉਨ੍ਹਾਂ ਉਤੇ ਹੁਕਮਰਾਨ ਜ਼ਬਰ ਜੁਲਮ ਢਾਹੁਣ ਦੇ ਬਹਾਨੇ ਵੀ ਘੜ ਰਿਹਾ ਹੈ । ਜੋ ਸਿੱਖ, ਖ਼ਾਲਸਾ, ਖ਼ਾਲਿਸਤਾਨੀ ਹਨ ਅਤੇ ਜਿਨ੍ਹਾਂ ਨੂੰ ਇੰਡੀਅਨ ਵਿਧਾਨ ਰਾਹੀ ਆਪਣੇ ਹੱਕ-ਹਕੂਕਾ ਲਈ ਜਮਹੂਰੀਅਤ ਅਤੇ ਅਮਨਮਈ ਢੰਗ ਨਾਲ ਸੰਘਰਸ਼ ਕਰਨ ਦਾ ਕਾਨੂੰਨੀ ਹੱਕ ਪ੍ਰਾਪਤ ਹੈ, ਉਨ੍ਹਾਂ ਨੂੰ ਇਹ ਜਾਬਰ ਕਾਨੂੰਨ ਲਾਗੂ ਕਰਕੇ ਗ੍ਰਿਫਤਾਰ ਕਰ ਲਿਆ ਜਾਂਦਾ ਹੈ । ਮਾਰਚ, ਰੈਲੀਆ ਕਰਨ ਤੋ ਜ਼ਬਰੀ ਰੋਕ ਦਿੱਤਾ ਜਾਂਦਾ ਹੈ । ਉਨ੍ਹਾਂ ਦੇ ਪਰਿਵਾਰਿਕ ਮੈਬਰਾਂ ਨਾਲ ਬਲਾਤਕਾਰ ਅਤੇ ਜਾਨਲੇਵਾ ਹਮਲੇ ਕਰਨ ਨੂੰ ਹੁਕਮਰਾਨ ਜਾਇਜ ਸਮਝਦੇ ਹਨ । ਜੋ ਕਿ ਕੌਮਾਂਤਰੀ ਕਾਨੂੰਨਾਂ ਅਤੇ ਅਤੇ ਇੰਡੀਅਨ ਕਾਨੂੰਨਾਂ, ਨਿਯਮਾਂ ਅਧੀਨ ਗੈਰ ਵਿਧਾਨਿਕ ਤੇ ਗੈਰ ਜਮਹੂਰੀਅਤ ਹੈ । ਜੇਕਰ ਸਿੱਖ, ਖਾਲਸਾ, ਖ਼ਾਲਿਸਤਾਨੀ ਅਤੇ ਕਾਨੂੰਨ ਅਨੁਸਾਰ ਆਪਣੀਆ ਰੋਸ ਰੈਲੀਆ, ਧਰਨੇ, ਮਾਰਚ ਕਰਨ ਤੋ ਹੁਕਮਰਾਨ ਜ਼ਬਰੀ ਰੋਕਦਾ ਹੈ, ਫਿਰ ਸਿੱਖ ਆਪਣੇ ਹੱਕ ਹਕੂਕਾ ਨੂੰ ਪ੍ਰਾਪਤ ਕਰਨ ਲਈ ਅਤੇ ਇਨਸਾਫ਼ ਲੈਣ ਲਈ ਹੋਰ ਕਿਹੜਾ ਰਾਹ ਅਪਣਾਉਣ ? ਕੀ ਹੁਕਮਰਾਨ ਖੁਦ ਹੀ ਉਨ੍ਹਾਂ ਨੂੰ ਹਥਿਆਰ ਚੁੱਕਣ ਲਈ ਮਜ਼ਬੂਰ ਨਹੀ ਕਰ ਰਿਹਾ ?

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਵਿਖੇ

# ਵਿਸ਼ਵ ਸਿਹਤ ਦਿਵਸ ਮਨਾਇਆ ਗਿਆ





**ਨਵੀਂ ਦਿੱਲੀ, 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-**ਚੰਗੀ ਸਿਹਤ, ਤੰਦਰੁਸਤੀ ਅਤੇ ਸਿਹਤਮੰਦ ਜੀਵਨ ਸ਼ੈਲੀ ਬਣਾਈ ਰੱਖਣ ਦੀ ਲੋੜ ਲਈ ਵਿਸ਼ਵ ਸਿਹਤ ਦਿਵਸ ਹਰ ਸਾਲ 7 ਅਪ੍ਰੈਲ ਨੂੰ ਸਾਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ ਨੇ 1948 ਪਹਿਲੀ ਵਿਸ਼ਵ ਸਿਹਤ ਸਭਾ ਦੀ ਮੀਟਿੰਗ ਬੁਲਾਈ ਅਤੇ ਇਹ ਨਿਰਣਾ ਲਿਆ ਗਿਆ ਕਿ ਹਰ ਸਾਲ ਇਹ ਦਿਨ ਮਨਾਇਆ ਜਾਵੇਗਾ ਅਤੇ ਵਿਸਵ ਦੇ ਲੋਕਾਂ ਦੀ ਸਿਹਤ ਸੰਬੰਧੀ ਸੈਮੀਨਾਰ, ਗੋਸ਼ਟੀਆ, ਨਾਟਕ, ਨੁਕੜ ਨਾਟਕ ਕਰਵਾ ਕਿ ਲੋਕਾਂ ਨੂੰ ਸਿਹਤ ਸੰਬੰਧੀ ਜਾਗਰੂਕ ਕੀਤਾ ਜਾਵੇਗਾ। ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਦੇ ਸਟਾਫ਼ ਅਤੇ ਵਿਦਿਆਰਥੀਆਂ ਨੇ ਸਕੂਲ ਦੇ ਵਿਹੜੇ ਵਿੱਚ 8 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਅਤੇ ਵਿਸ਼ਵ ਔਟਿਜ਼ਮ ਦਿਵਸ ਮਨਾਇਆ। 9ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਅੰਗਰੇਜ਼ੀ ਕਲੱਬ ਦੇ ਮੈਂਬਰਾਂ ਦੇ ਨਾਲ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿੱਥੇ ਜਾਗਰੂਕਤਾ ਵਧਾਉਣ, ਸਵੀਕ੍ਰਿਤੀ ਨੂੰ ਉਤਸ਼ਾਹਿਤ ਕਰਨ ਅਤੇ ਔਟਿਸਟਿਕ ਲੋਕਾਂ ਦੀਆਂ ਵਿਲੱਖਣ ਸ਼ਕਤੀਆਂ ਅਤੇ ਅਨੁਭਵਾਂ ਦਾ ਜਸ਼ਨ ਮਨਾਉਣ ਲਈ ਭਾਸ਼ਣ, ਕਵਿਤਾ ਅਤੇ ਸਕਿੱਟ ਪੇਸ਼ ਕੀਤੇ ਗਏ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮਨਪ੍ਰੀਤ ਕੌਰ ਨੇ ਸਿਹਤ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੰਗੀ ਸਿਹਤ, ਤੰਦਰੁਸਤੀ ਅਤੇ ਸਿਹਤਮੰਦ ਜੀਵਨ ਸ਼ੈਲੀ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ ਨੂੰ ਪੀ,ਏ ਲਾਉਣ ਲਈ ਧੰਨਵਾਦ



**( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜਿਲਾ ਵਈਸ਼ ਪ੍ਰਧਾਨ ਵਪਾਰ ਮੰਡਲ ਵਿੰਗ ਅੰਮ੍ਰਿਤਸਰ ਜੀ ਨੂੰ ਸ੍ਰੀ ਵਿਨੀਤ ਵਰਮਾ ਜੀ ਪਰਸਨਲ ਐਡਵਾਈਜ਼ਰ ਲਾਉਣ ਤੇ ਮੈ ਹਾਈਕਮਾਂਡ ਤੇ ਭਗਵੰਤ ਮਾਨ ਪੰਜਾਬ ਸਰਕਾਰ ਤੇ ਹਰਭਜਨ ਸਿੰਘ ਈਟੀਓ ਜੀ ਦਾ ਤਹਿਦਿਲੋਂ ਧੰਨਵਾਦ ਕਰਦਾਂ ਹਾਂ ਅੱਜ ਹਰਜਿੰਦਰ ਸਿੰਘ ਜਲਾਲ ਉਸਮਾ ਨੇ (ਪੀ ਏ) ਦਾ ਅਹੁਦਾ ਸੰਭਾਲਣ ਦੇ ਹੋਏ ਵਿਨੀਤ ਵਰਮਾਂ ਪੰਜਾਬ ਸਟੇਟ ਟ੍ਰੇਡਜ ਕਮਿਸ਼ਨ ਵੱਲੋਂ ਮੂੰਹ ਮਿੱਠਾ ਕਰਵਾਇਆ ਗਿਆ ਉਚੇਚੇ ਤੌਰ ਤੇ ਪਹੁੰਚੇ ਪੰਜਾਬ ਸਟੇਟ ਕਿਸਾਨ ਵਿੰਗ ਜੁਆਇੰਟ ਸੈਕਟਰੀ ਸ .ਸੁਰਜੀਤ ਸਿੰਘ ਕੰਗ ਮੀਡੀਆ ਇੰਚਾਰਜ ਬੂਟਾ ਸਿੰਘ ਜਲਾਲ ਉਸਮਾ ਹਲਕਾ ਜੰਡਿਆਲਾ ਗੁਰੂ ਮੀਡੀਆ ਇੰਚਾਰਜ ਅਵਤਾਰ ਸਿੰਘ ਵਿਰਕ ਰਾਜਬਲਵਿੰਦਰ ਸਿੰਘ ਵਪਾਰ ਮੰਡਲ ਵਿੰਗ ਕੌਆਡੀਨੇਟਰ ਹਲਕਾ ਮਜੀਠਾ ਠੇਕੇਦਾਰ ਲਖਵਿੰਦਰ ਸਿੰਘ ਉਸਮਾ ਆਪ ਆਗੂ ਮਨਜਿੰਦਰ ਸਿੰਘ ਰੰਧਾਵਾ ਉਸਮਾ ਇਹਨਾਂ ਵੱਲੋਂ ਧੰਨਵਾਦ ਕੀਤਾ ਗਿਆ ਜ਼ਿਲ੍ਹਾ ਪ੍ਰਧਾਨ ਰਾਜੀਵ ਖਹਿਰਾ ਟ੍ਰੇਡ ਵਿੰਗ ਅੰਮ੍ਰਿਤਸਰ ਬਲਜੀਤ ਸਿੰਘ ਜੋੜਾਂ ਬਲਾਕ ਪ੍ਰਭਾਰੀ ਅੰਮ੍ਰਿਤਸਰ ਹਰਵਿੰਦਰ ਸਿੰਘ ਡਾਇਮੰਡ ਕੋਆਰਡੀਨੇਟਰ ਵਿੰਗ ਅੰਮ੍ਰਿਤਸਰ ਸਾਊਥ ਸੁਰਿੰਦਰ ਸਿੰਘ ਬਲਾਕ ਪ੍ਰਧਾਨ ਐਕਸਚੇਂਜ ਮੋਹਾਲੀ ਨਿਰਮਲ ਸਿੰਘ ਠੇਕੇਦਾਰ ਇੰਦਰਜੀਤ ਸਿੰਘ ਗੁਰਪ੍ਰੀਤ ਸਿੰਘ ਜਗਜੀਤ ਸਿੰਘ ਅਮਰਜੀਤ ਸਿੰਘ ਗੁਰਚਰਨ ਸਿੰਘ ਆਲ ਟਰੇਡ ਵਿੰਗ ਕਮੇਟੀ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਮੈਂਬਰਾਂ ਨੇ ਧੰਨਵਾਦ ਕੀਤਾ।

# ਪਿੰਡ ਨਥੇਹਾ ਦਾ ਚਸਨਪ੍ਰੀਤ ਸਿੰਘ ਚਾਹਲ ਸ਼ਸ਼ਤਰ ਸੀਮਾ ਬਲ ਵਿੱਚ ਬਤੌਰ ਸਬ- ਇੰਸਪੈਕਟਰ ਨਿਯੁਕਤ



**ਤਲਵੰਡੀ ਸਾਬੋ, 08 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਚਸਨਪ੍ਰੀਤ ਸਿੰਘ ਚਾਹਲ ਪੁੱਤਰ ਬਿੱਕਰ ਸਿੰਘ ਨਥੇਹਾ ਸ਼ਸ਼ਤਰ ਸੀਮਾ ਬਲ ਵਿਚ ਬਤੌਰ ਸਬ-ਇੰਸਪੈਕਟਰ ਨਿਯੁਕਤ ਹੋ ਗਿਆ ਹੈ ਜਿਸਨੂੰ ਲੈਕੇ ਘਰ ਅਤੇ ਪਿੰਡ ਨਥੇਹਾ ਵਿਖੇ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਅੱਜ ਇਸ ਖੁਸ਼ੀ ਵਿੱਚ ਸ਼ਰੀਕ ਹੁੰਦਿਆਂ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਵਲੋਂ ਵੀ ਵਧਾਈ ਅਤੇ ਅਸ਼ੀਰਵਾਦ ਦਿੱਤਾ। ਇਸਤੋਂ ਇਲਾਵਾ ਪਿੰਡ ਨਥੇਹਾ ਦੇ ਜੰਮਪਲ ਸਾਬਕਾ ਡੀਆਈਜੀ ਸ੍ਰ. ਹਰਿੰਦਰ ਸਿੰਘ ਚਾਹਲ ਨੇ ਵਧਾਈ ਅਤੇ ਅਸ਼ੀਰਵਾਦ ਦਿੰਦਿਆਂ ਤਰੱਕੀ ਦੀ ਕਾਮਨਾ ਕੀਤੀ ਅਤੇ ਅੱਗੇ ਵੀ ਇਸ ਤਰ੍ਹਾਂ ਮਿਹਨਤ ਕਰਕੇ ਹੋਰ ਉੱਚੇ ਅਹੁਦਿਆਂ 'ਤੇ ਪਹੁੰਚਣ ਲਈ ਅਤੇ ਲੋਕਾਂ ਦੀ ਸੇਵਾ ਪੂਰੀ ਇਮਾਨਦਾਰੀ, ਲਗਨ ਨਾਲ ਕਰਨ ਦੀ ਕੋਸ਼ਿਸ਼ ਕਰਨ ਲਈ ਕਿਹਾ ਗਿਆ। ਵੱਡੀ ਪ੍ਰਾਪਤੀ ਲਈ ਚਸ਼ਨਪ੍ਰੀਤ ਸਿੰਘ ਚਾਹਲ ਦੇ ਪਿਤਾ ਬਿੱਕਰ ਸਿੰਘ ਨਥੇਹਾ ਨੇ ਦੱਸਿਆ ਕਿ ਚਸਨਪ੍ਰੀਤ ਸਿੰਘ ਨੇ ਪੇਪਰ ਦਿੱਤਾ ਸੀ ਉਸ ਵਿੱਚੋਂ ਪੂਰੇ ਭਾਰਤ ਵਿੱਚੋਂ 8,27,602 ਪ੍ਰੀਖਿਆਰਥੀਆਂ ਵਿੱਚੋਂ 356ਵਾਂ ਰੈਂਕ ਅਤੇ ਐਸ ਐਸ ਬੀ ਬੋਰਡ ਦੇ ਕੁੱਲ 90 ਪੋਸਟਾਂ ਵਿੱਚੋਂ 11ਵਾਂ ਸਥਾਨ ਪ੍ਰਾਪਤ ਕੀਤਾ ਹੈ ਜਿਸ ਵਿਚ ਬੱਚੇ ਦੀ ਬਤੌਰ ਸਬ-ਇੰਸਪੈਕਟਰ ਨਿਯੁਕਤੀ ਹੋ ਗਈ ਹੈ। ਉਹਨਾਂ ਦੱਸਿਆ ਕਿ ਇਸ ਫੋਰਸ ਵਿੱਚ ਪੰਜਾਬ ਵਿੱਚੋਂ ਪਹਿਲਾਂ ਸਿੱਖ ਨੌਜਵਾਨ ਹੈ ਜਿਸਨੇ ਇਸ ਅਹੁਦੇ ਨੂੰ ਪ੍ਰਾਪਤ ਕਰਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅਪਰਾਧਿਕ ਅਕਸ ਵਾਲੇ ਲੋਕਾਂ ਨੂੰ ਰਾਜਨੀਤੀ ਵਿੱਚ ਚੋਣ ਲੜਨ ਤੋਂ ਰੋਕਣ ਲਈ ਚੋਣ ਕਮਿਸ਼ਨ ਸਖਤ ਕਾਨੂੰਨ ਬਣਾਵੇ : ਡਿੰਪੀ ਚੌਹਾਨ



**8 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਨੇ ਇੱਕ ਪ੍ਰੈਸ ਬਿਆਨ ਰਾਹੀਂ ਭਾਰਤੀ ਚੋਣ ਕਮਿਸ਼ਨ ਤੋਂ ਮੰਗ ਕੀਤੀ ਹੈ ਕਿ ਅਪਰਾਧੀਆਂ ਨੂੰ ਰਾਜਨੀਤੀ ਵਿੱਚ ਆਉਣ ਤੋਂ ਰੋਕਣ ਲਈ ਸਖ਼ਤ ਕਾਨੂੰਨ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਖ਼ਿਲਾਫ਼ ਕੋਈ ਕੇਸ ਚੱਲ ਰਿਹਾ ਹੈ ਅਤੇ ਜੇਲ੍ਹ ਤੋਂ ਵਾਪਸ ਆ ਚੁੱਕੇ ਹਨ, ਉਨ੍ਹਾਂ 'ਤੇ ਚੋਣ ਲੜਨ 'ਤੇ ਪਾਬੰਦੀ ਲਗਾਈ ਜਾਵੇ। ਡਿੰਪੀ ਚੌਹਾਨ ਨੇ ਕਿਹਾ ਕਿ ਜਿਹੜਾ ਵਿਅਕਤੀ ਆਪਣੇ ਆਪ ਵਿੱਚ ਅਪਰਾਧਿਕ ਅਕਸ ਵਾਲਾ ਹੈ, ਉਹ ਜਨਤਾ ਦਾ ਕੀ ਭਲਾ ਕਰੇਗਾ ਅਤੇ ਨੌਜਵਾਨਾਂ ਨੂੰ ਕੀ ਸੰਦੇਸ਼ ਦੇਵੇਗਾ ? ਉਨ੍ਹਾਂ ਕਿਹਾ ਕਿ ਰਾਜਨੀਤੀ ਦਾ ਅਪਰਾਧੀਕਰਨ ਕੀਤਾ ਜਾ ਰਿਹਾ ਹੈ! ਅੱਜ ਵੀ ਸਿਆਸਤ ਵਿੱਚ ਅਪਰਾਧਿਕ ਪਿਛੋਕੜ ਵਾਲੇ ਲੋਕ ਆਪਣੀਆਂ ਜੜ੍ਹਾਂ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਨੂੰ ਇੱਕ ਪੜ੍ਹੇ-ਲਿਖੇ ਅਤੇ ਇਮਾਨਦਾਰ ਨੇਤਾ ਦੀ ਲੋੜ ਹੈ ਜੋ ਦੇਸ਼ ਨੂੰ ਉਚਾਈਆਂ 'ਤੇ ਲੈ ਜਾ ਸਕੇ! ਡਿੰਪੀ ਚੌਹਾਨ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੋਟ ਪਾਉਣ ਤੋਂ ਪਹਿਲਾਂ ਇਹ ਯਕੀਨੀ ਬਣਾਉਣ ਕਿ ਜਿਸ ਵਿਅਕਤੀ ਨੂੰ ਉਹ ਆਪਣੀ ਕੀਮਤੀ ਵੋਟ ਦੇ ਰਹੇ ਹਨ, ਉਹ ਅਪਰਾਧਿਕ ਪਿਛੋਕੜ ਵਾਲਾ ਵਿਅਕਤੀ ਨਹੀਂ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਕ ਜਥਾ ਇਸ਼ਨਾਨ ਅੰਮ੍ਰਿਤ ਵੇਲਾ ਵੱਲੋਂ ਸਨਮਾਨ ਸਮਾਗਮ ਕਰਵਾਇਆ ਗਿਆ



**ਚੌਕ ਮਹਿਤਾ, 8 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਸੇਵਕ ਜਥਾ ਇਸ਼ਨਾਨ ਅੰਮ੍ਰਿਤ ਵੇਲਾ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਵੱਲੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਕ ਸਨਮਾਨ ਸਮਾਗਮ ਮੁੱਖ ਸੇਵਾਦਾਰ ਸਵਰਨ ਸਿੰਘ ਭਾਟੀਆ ਦੀ ਅਗਵਾਈ ਵਿੱਚ ਸ਼ਹੀਦ ਊਧਮ ਸਿੰਘ ਹਾਲ ਵਿਖੇ ਕਰਵਾਇਆ ਗਿਆ .ਇਸ ਮੌਕੇ ਲਗਭਗ 1500 ਸੇਵਾ ਕਰਨ ਵਾਲੇ ਪ੍ਰੇਮੀਆਂ ਨੂੰ ਸਨਮਾਨਿਤ ਕੀਤਾ ਗਿਆ ।ਸਮਾਗਮ ਵਿੱਚ ਗੁਰੂ ਘਰ ਦੇ ਪ੍ਰਸਿੱਧ ਭਾਈ ਤਜਿੰਦਰ ਸਿੰਘ ਜੀ ਦੇ ਰਾਗੀ ਜਥੇ ਵੱਲੋਂ ਅਪਣੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮੇਹਤਾ, ਹਲਕਾ ਦੱਖਣੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ, ਅਨਿਲ ਜੋਸ਼ੀ ਸਾਬਕਾ ਮੰਤਰੀ,ਬਾਵਾ ਸਿੰਘ ਗੁਮਾਨਪੁਰਾ ਮੈਂਬਰ ਸ਼੍ਰੋਮਣੀ ਕਮੇਟੀ,ਸਾਬਕਾ ਕੌਂਸਲਰ ਜਤਿੰਦਰ ਸਿੰਘ ਮੋਤੀ ਭਾਟੀਆ,ਗੁਰਿੰਦਰ ਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ, ਮਨਜਿੰਦਰ ਸਿੰਘ ਮੰਡ ਮੈਨੇਜਰ, ਜਸਬੀਰ ਸਿੰਘ ਮੀਤ ਮੈਨੇਜਰ, ਸੰਤ ਗਜ਼ਬ ਸਿੰਘ ਡੇਰਾ ਪੰਥੀ,ਸੰਤ ਅਮਨਦੀਪ ਸਿੰਘ ਨੇ ਪਹੁੰਚਕੇ ਸੰਗਤਾਂ ਦਾ ਆਸ਼ਿਰਵਾਦ ਲਿਆ ਅਤੇ ਸੇਵਾ ਕਰਨ ਵਾਲੇ ਪ੍ਰੇਮੀਆਂ ਨੂੰ ਸਨਮਾਨਿਤ ਕੀਤਾ ।ਇਸ ਮੌਕੇ ਮੁੱਖ ਸੇਵਾਦਾਰ ਸਵਰਨ ਸਿੰਘ ਭਾਟੀਆ ਨੇ ਕਿਹਾ ਕਿ ਸੋਸਾਇਟੀ ਵੱਲੋਂ ਹਰ ਸਾਲ ਸੇਵਾ ਕਰਨ ਵਾਲੀਆਂ ਬੀਬੀਆਂ ਅਤੇ ਭਾਈਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਜਾਂਦਾ ਹੈ ।ਇਸ ਮੌਕੇ ਗੁਰਜੀਤ ਸਿੰਘ ਹਲਦੀ ਵਾਲੇ,ਹਰਜੀਤ ਸਿੰਘ ਭਾਟੀਆ,ਬਲਜੀਤ ਸਿੰਘ ਬਿੱਟੂ,ਗੁਰਜੀਤ ਸਿੰਘ ਭਾਟੀਆ,ਦੀਪ ਸਿੰਘ ਕੰਬੋਜ਼,ਸੰਤੋਖ ਸਿੰਘ ਭਾਟੀਆ,ਸਰਵਨਜੀਤ ਸਿੰਘ,ਭਾਈ ਸੁਰਜੀਤ ਸਿੰਘ ਹੈਡ ਗ੍ਰੰਥੀ ਗੁ .ਸ਼ਹੀਦਾ,ਭਾਈ ਮਨਦੀਪ ਸਿੰਘ, ਗੁਰਦੀਪ ਸਿੰਘ ਗ੍ਰੰਥੀ, ਨਵਜੀਤ ਸਿੰਘ ਬੱਬੂ,ਕੰਵਲਜੀਤ ਕੌਰ, ਗੁਰਮੀਤ ਕੌਰ, ਸਰਬਜੀਤ ਕੌਰ,ਮਿਲਨ,ਹਰਮਨ ਕੌਰ,ਤਜਿੰਦਰ ਕੌਰ,ਰਘਬੀਰ ਸਿੰਘ ਬੀਰਾ, ਰਛਪਾਲ ਸਿੰਘ ਹੈਪੀ,ਬਲਵਿੰਦਰ ਸਿੰਘ ਗ੍ਰੰਥੀ, ਸਰਬਜੀਤ ਸਿੰਘ ਲਾਲੀ ਭਾਟੀਆ, ਰਜਿੰਦਰ ਪਾਲ ਸਿੰਘ ਸੇਠੀ ਆਦਿ ਤੋਂ ਇਲਾਵਾ ਵੱਡੀ ਸੰਖਿਆ ਵਿੱਚ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪ੍ਰਧਾਨ ਮੰਤਰੀ ਮੋਦੀ, ਮੁੱਖ ਮੰਤਰੀ ਮੰਡਲ ਦੇ ਮੈਂਬਰਾਂ ਅਤੇ ਭਾਜਪਾ ਲੀਡਰਸ਼ਿਪ ਦੇ ਵਿਰੁੱਧ ਚੋਣ ਬਾਂਡ ਘੁਟਾਲੇ ਲਈ**

# ਮੁਕੱਦਮਾ ਚਲਾਉਣ ਲਈ ਲੋਕਾਂ ਵਿੱਚ ਪ੍ਰਚਾਰ ਕਰਨ ਦੀ ਅਪੀਲ: ਸੰਯੁਕਤ ਕਿਸਾਨ ਮੋਰਚਾ

**ਨਵੀਂ ਦਿੱਲੀ 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਚੋਣ ਬਾਂਡ ਸਕੀਮ ਨੂੰ ਗੈਰ-ਕਾਨੂੰਨੀ ਬਣਾਉਣ ਵਾਲੇ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਦੇ ਖੁਲਾਸੇ ਸਾਬਤ ਹੋਏ ਹਨ, ਮੋਦੀ ਸਰਕਾਰ ਅਤੇ ਭਾਜਪਾ ਨੇ ਕਾਰਪੋਰੇਟ ਭ੍ਰਿਸ਼ਟਾਚਾਰ ਨੂੰ ਕਾਨੂੰਨੀ ਬਣਾ ਦਿੱਤਾ ਹੈ ਅਤੇ ਕਾਰਪੋਰੇਟ ਘਰਾਣਿਆਂ ਨੂੰ ਘਰੇਲੂ ਅਤੇ ਵਿਦੇਸ਼ੀ ਸ਼ਾਸਨ ਦੀ ਨੀਤੀ ਨੂੰ ਨਿਰਦੇਸ਼ਤ ਕਰਨ ਦੇ ਯੋਗ ਬਣਾਇਆ ਹੈ। ਇਹ ਖੁਲਾਸੇ ਕਾਰਪੋਰੇਟ ਪੱਖੀ ਫਾਰਮ ਕਾਨੂੰਨਾਂ, ਐਮਐਸਪੀ @ ਸੀ 2+50% ਤੋਂ ਇਨਕਾਰ, ਕਿਸਾਨਾਂ ਲਈ ਕੋਈ ਕਰਜ਼ਾ ਮੁਆਫੀ, ਜਨਤਕ ਖੇਤਰ ਦਾ ਨਿੱਜੀਕਰਨ, ਨੀਤੀ ਨਿਰਮਾਣ 'ਤੇ ਇਸ ਕਾਰਪੋਰੇਟ ਦਬਦਬੇ ਦਾ ਨਤੀਜਾ ਸਨ, ਦਾ ਵੀ ਪਰਦਾਫਾਸ਼ ਕਰਦੇ ਹਨ। ਭਾਜਪਾ ਦੇ ਰਾਜ ਵਿੱਚ ਕਾਰਪੋਰੇਟ ਘਰਾਣਿਆਂ ਨੂੰ ਵੱਡੇ ਲਾਭ ਮਿਲੇ ਹਨ। ਵਿੱਤ ਰਾਜ ਮੰਤਰੀ ਡਾ. ਭਾਗਵਤ ਕਰਾਡ ਨੇ 6 ਫਰਵਰੀ 2024 ਨੂੰ ਰਾਜ ਸਭਾ ਵਿੱਚ ਜਵਾਬ ਦਿੱਤਾ ਸੀ, ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਅੰਕੜਿਆਂ ਅਨੁਸਾਰ, ਅਨੁਸੂਚਿਤ ਵਪਾਰਕ ਬੈਂਕਾਂ ਨੇ ਕੁੱਲ ਕਰਜ਼ੇ ਦੀ ਰਕਮ ਨੂੰ ਰਾਈਟ ਆਫ ਕਰ ਦਿੱਤਾ ਹੈ। ਪਿਛਲੇ ਨੌਂ ਵਿੱਤੀ ਸਾਲਾਂ ਦੌਰਾਨ ਅਰਥਾਤ ਵਿੱਤੀ ਸਾਲ 2014-15 ਤੋਂ ਵਿੱਤੀ ਸਾਲ 2022-23 ਦੌਰਾਨ 14.55 ਲੱਖ ਕਰੋੜ ਰੁਪਏ। ਭਾਵੇਂ ਕਿ 2014-2022 ਦੌਰਾਨ 1,00,474 ਕਿਸਾਨਾਂ ਅਤੇ 3,12,214 ਦਿਹਾੜੀਦਾਰ ਮਜ਼ਦੂਰਾਂ-ਕੁੱਲ 4,12,688 ਵਿਅਕਤੀਆਂ ਨੇ ਖੁਦਕੁਸ਼ੀ ਕੀਤੀ ਹੈ, ਪਰ ਮੋਦੀ ਸਰਕਾਰ ਨੇ ਭਾਜਪਾ ਦੇ ਵਾਅਦੇ ਦੇ ਬਾਵਜੂਦ ਕਿਸਾਨਾਂ ਅਤੇ ਖੇਤ ਮਜ਼ਦੂਰ ਪਰਿਵਾਰਾਂ ਨੂੰ ਇੱਕ ਰੁਪਏ ਦੀ ਕਰਜ਼ਾ ਰਾਹਤ ਨਹੀਂ ਦਿੱਤੀ। ਐਸਕੇਐਮ ਕਿਸਾਨਾਂ ਅਤੇ ਆਮ ਤੌਰ 'ਤੇ ਲੋਕਾਂ ਨੂੰ ਇਸ ਤਰ੍ਹਾਂ ਢੁਕਵਾਂ ਜਵਾਬ ਦੇਣ ਦੀ ਅਪੀਲ ਕਰਦਾ ਹੈ, ਗੰਭੀਰ ਖੇਤੀ ਸੰਕਟ ਪ੍ਰਤੀ ਭਾਜਪਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੋਹਰੇ ਮਾਪਦੰਡ ਦੀ ਸਜ਼ਾ ਦਿੰਦਾ ਹੈ। ਜੇਕਰ ਸੁਪਰੀਮ ਕੋਰਟ ਨੇ ਐਸਬੀਆਈ ਨੂੰ ਇਹ ਅੰਕੜਾ ਜਨਤਕ ਕਰਨ ਲਈ ਮਜ਼ਬੂਰ ਨਾ ਕੀਤਾ ਹੁੰਦਾ ਕਿ ਭਾਜਪਾ ਨੇ ਅਰਬਿੰਦੋ ਫਾਰਮਾ ਦੇ ਸ਼ਰਤ ਚੰਦਰ ਰੈਡੀ ਤੋਂ 55 ਕਰੋੜ ਰੁਪਏ ਲਏ ਹਨ ਤਾਂ ਦਿੱਲੀ ਸ਼ਰਾਬ ਕਾਂਡ ਦਾ ਮੁੱਖ ਮੁਲਜ਼ਮ ਇਸ ਚੋਣ ਦੌਰਾਨ ਸਾਹਮਣੇ ਨਹੀਂ ਆਉਂਦਾ। ਈਡੀ, ਸੀਬੀਆਈ ਅਤੇ ਹੋਰ ਜਾਂਚ ਏਜੰਸੀਆਂ ਨੂੰ ਉਨ੍ਹਾਂ ਕਾਰਪੋਰੇਟ ਕੰਪਨੀਆਂ ਤੋਂ ਪੈਸਾ ਕੱਢਣ ਲਈ ਵਰਤਿਆ ਜਾਂਦਾ ਹੈ ਜਿਨ੍ਹਾਂ ਨੇ ਪਹਿਲਾਂ ਕਦੇ ਭਾਜਪਾ ਨੂੰ ਫੰਡ ਨਹੀਂ ਦਿੱਤੇ ਸਨ, ਉਹ ਵੀ ਹੁਣ ਲੋਕਾਂ ਦੇ ਸਾਹਮਣੇ ਆ ਗਏ ਹਨ। ਭਾਜਪਾ ਦੀ ਚੋਣ ਮੁਹਿੰਮ ਦਾ ਮੁੱਖ ਤਖ਼ਤਾ 'ਭ੍ਰਿਸ਼ਟਾਚਾਰ ਮੁਕਤ ਸ਼ਾਸਨ' ਹੈ ਅਤੇ 'ਪ੍ਰਧਾਨ ਮੰਤਰੀ ਭ੍ਰਿਸ਼ਟਾਚਾਰ ਤੋਂ ਉੱਪਰ ਹਨ' ਅਤੇ 'ਵਿਰੋਧੀ ਧਿਰ ਭ੍ਰਿਸ਼ਟ ਹੈ'। ਚੋਣ ਬਾਂਡ ਘੁਟਾਲੇ ਨੇ ਭਾਜਪਾ ਨੂੰ ਸਭ ਤੋਂ ਭ੍ਰਿਸ਼ਟ ਸਿਆਸੀ ਪਾਰਟੀ ਅਤੇ ਚੋਣ ਬਾਂਡ ਘੁਟਾਲੇ ਦੀ ਮੁੱਖ ਲਾਭਪਾਤਰੀ ਵਜੋਂ ਬੇਨਕਾਬ ਕਰ ਦਿੱਤਾ ਹੈ। ਦੇਸ਼ ਨੂੰ ਅਸਾਧਾਰਨ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿਉਂਕਿ ਸੱਤਾਧਾਰੀ ਪਾਰਟੀ ਖੁਦ ਕਾਨੂੰਨ ਦੇ ਰਾਜ ਨੂੰ ਤੋੜ ਰਹੀ ਹੈ, ਇਸ ਤਰ੍ਹਾਂ ਜਬਰਦਸਤੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੀਆਂ ਜਾਂਚ ਏਜੰਸੀਆਂ ਜਨਤਾ ਦਾ ਵਿਸ਼ਵਾਸ ਗੁਆ ਚੁੱਕੀਆਂ ਹਨ ਅਤੇ ਪ੍ਰਧਾਨ ਮੰਤਰੀ ਅਤੇ ਸੱਤਾਧਾਰੀ ਪਾਰਟੀ ਨੇ ਕਾਰਪੋਰੇਟ ਭ੍ਰਿਸ਼ਟਾਚਾਰ ਦਾ ਫਾਇਦਾ ਉੱਚ ਪੱਧਰਾਂ ਤੱਕ ਪਹੁੰਚਾਇਆ ਹੈ। ਪਹਿਲਾਂ ਕਦੇ ਪ੍ਰਧਾਨ ਮੰਤਰੀ ਆਪਣੇ ਹੀ ਪ੍ਰਸ਼ਾਸਨ ਦੀ ਜਾਂਚ ਨਹੀਂ ਕਰ ਸਕੇ। ਇਸ ਲਈ ਐਸਕੇਐਮ ਸੇਵਾਮੁਕਤ ਪ੍ਰਸ਼ਾਸਕਾਂ ਦੇ ਨਾਲ ਇੱਕ ਵਿਸ਼ੇਸ਼ ਜਾਂਚ ਟੀਮ ਦੀ ਮੰਗ ਕਰਦਾ ਹੈ ਅਤੇ ਜਾਂਚ ਦੀ ਨਿਗਰਾਨੀ ਸੁਪਰੀਮ ਕੋਰਟ ਦੁਆਰਾ ਕੀਤੀ ਜਾਵੇ।



**ਈਡੀ, ਸੀਬੀਆਈ ਵਰਗੀਆਂ ਜਾਂਚ ਏਜੰਸੀਆਂ ਜਬਰਨ ਵਸੂਲੀ ਲਈ ਵਰਤੀ ਜਾਂਦੀ ਹੈ**

**ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਸੂਬੇ ਦੀ ਰਾਜਧਾਨੀ ਬਣਾਉਣ 'ਚ ਅਸਫਲ- ਜਥੇ. ਗੁਰਮੀਤ ਸਿੰਘ ਖੁੱਡੀਆਂ**

# ਗੁੰਮਰਾਹ ਕਰਨ ਵਾਲੀਆਂ ਰਵਾਇਤੀ ਪਾਰਟੀਆਂ ਨੂੰ ਲੋਕ ਦੇਣਗੇ ਮੂੰਹ ਤੋੜ ਜਵਾਬ



ਬਠਿੰਡਾ, 8 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਆਜ਼ਾਦੀ ਤੋਂ ਬਾਅਦ ਲੰਬਾ ਸਮਾਂ ਪੰਜਾਬ 'ਤੇ ਰਾਜ ਕਰਨ ਵਾਲੀਆਂ ਰਵਾਇਤੀ ਪਾਰਟੀਆਂ ਨੇ ਸੂਬੇ ਦਾ ਵੱਡਾ ਨੁਕਸਾਨ ਕੀਤਾ ਹੈ। ਰਵਾਇਤੀ ਪਾਰਟੀਆਂ ਦੀਆਂ ਇਹ ਸਰਕਾਰਾਂ ਸੂਬੇ ਦੀ ਰਾਜਧਾਨੀ ਬਣਾਉਣ ਵਿਚ ਵੀ ਅਸਫਲ ਰਹੀਆਂ ਹਨ। ਇਹ ਵਿਚਾਰ ਬਠਿੰਡਾ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਭੁੱਚੋ ਹਲਕੇ ਦੇ ਵਲੰਟੀਅਰਾਂ ਦੀ ਇਕ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਕਾਲੀ ਭਾਜਪਾ ਅਤੇ ਕਾਂਗਰਸ ਪਾਰਟੀ ਨੇ ਪੰਜਾਬ ਦੇ ਪਾਣੀਆਂ ਅਤੇ ਰਾਜਧਾਨੀ ਦੇ ਨਾਮ 'ਤੇ ਲੋਕਾਂ ਨੂੰ ਗੁਮਰਾਹ ਕਰਕੇ ਸਰਕਾਰਾਂ ਬਣਾਈਆਂ ਪਰ ਅੱਜ ਤਕ ਉਹ ਸੂਬੇ ਦੀ ਰਾਜਧਾਨੀ ਨਹੀਂ ਬਣਾ ਸਕੇ। ਉਨ੍ਹਾਂ ਕਿਹਾ ਕਿ ਹੁਣ ਜਦੋਂ ਉਹ ਪਾਰਟੀਆਂ ਦੇ ਉਮੀਦਵਾਰ ਵੋਟਾਂ ਲਈ ਆਉਣਗੇ ਤਾਂ ਲੋਕ ਇਹ ਸਵਾਲ ਜਰੂਰ ਪੁੱਛਣਗੇ। ਉਨ੍ਹਾਂ ਕਿਹਾ ਕਿ ਇੰਨ੍ਹਾਂ ਰਵਾਇਤੀ ਪਾਰਟੀਆਂ ਨੇ ਪੰਜਾਬ ਦੇ ਭਖਦੇ ਦੇ ਮੁੱਦਿਆਂ 'ਤੇ ਵੋਟਾਂ ਲੈ ਕੇ ਸਰਕਾਰਾਂ ਬਣਾਈਆਂ, ਪਰ ਬਾਅਦ ਵਿਚ ਪੰਜਾਬ ਦੇ ਲੋਕਾਂ ਦੀ ਸਾਰ ਨਹੀਂ ਲਈ। ਜਥੇਦਾਰ ਖੁੱਡੀਆਂ ਨੇ ਕਿਹਾ ਕਿ ਉਨ੍ਹਾਂ ਦੇ ਮੁਕਾਬਲੇ ਚੋਣ ਲੜਨ ਵਾਲੇ ਰਵਾਇਤੀ ਪਾਰਟੀਆਂ ਦੇ ਉਮੀਦਵਾਰ ਆਪਣੇ ਆਪ ਨੂੰ ਵੱਡੇ ਤਾਕਤਵਰ ਦੱਸ ਰਹੇ ਹਨ, ਪਰ ਮੇਰੇ ਕੋਲ ਆਮ ਲੋਕਾਂ ਦੀ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਬਠਿੰਡਾ ਲੋਕ ਸਭਾ ਹਲਕੇ ਅੰਦਰ ਮਿਲ ਰਹੇ ਹੁੰਗਾਰੇ ਤੋਂ ਡਰਦਿਆਂ ਹੀ ਅਕਾਲੀ ਅਤੇ ਕਾਂਗਰਸੀ ਆਪਣੇ ਉਮੀਦਵਾਰਾਂ ਦਾ ਐਲਾਨ ਨਹੀਂ ਕਰ ਰਹੇ। ਉਨ੍ਹਾਂ ਦੋਸ਼ ਲਾਇਆ ਕਿ ਮੈਨੂੰ ਹਰਾਉਣ ਲਈ ਅਕਾਲੀ ਅਤੇ ਕਾਂਗਰਸੀ ਇਕੱਠੇ ਹੋ ਗਏ ਹਨ ਅਤੇ ਮੇਰੇ ਮੁਕਾਬਲੇ ਉਮੀਦਵਾਰ ਉਤਾਰਨ ਲਈ ਗਿਣਤੀਆਂ ਮਿਣਤੀਆਂ ਕਰ ਰਹੇ। ਉਨ੍ਹਾਂ ਕਿਹਾ ਕਿ ਬਠਿੰਡਾ ਲੋਕ ਸਭਾ ਹਲਕੇ ਦੇ ਲੋਕ ਇਕ ਵਾਰ ਫਿਰ ਰਿਵਾਇਤੀ ਪਾਰਟੀਆਂ ਦੇ ਵੱਡੇ ਤਾਕਤਵਰ ਅਖਵਾਉਣ ਵਾਲੇ ਇਨ੍ਹਾਂ ਉਮੀਦਵਾਰਾਂ ਨੂੰ ਹਰਾ ਦੇਣਗੇ। ਜਥੇਦਾਰ ਖੁੱਡੀਆਂ ਨੇ ਕਿਹਾ ਕਿ ਇਹ ਲੋਕਾਂ ਦੀ ਹੀ ਤਾਕਤ ਹੈ ਕਿ ਪੰਜ ਵਾਰ ਦੇ ਮੁੱਖ ਮੰਤਰੀ ਅਤੇ ਸਿਆਸਤ ਦੇ ਬਾਬਾ ਬੋਹੜ ਦੀਆਂ ਜੜਾਂ ਲੋਕਾਂ ਨੇ ਇਕ ਮਿੰਟ ਵਿਚ ਪੁੱਟ ਦਿੱਤੀਆਂ ਸਨ ਅਤੇ ਹੁਣ ਉਸੇ ਤਰ੍ਹਾਂ ਹੀ ਨੰਨੀ ਛਾ ਨੂੰ ਵੀ ਹਰਾ ਦੇਣਗੇ। ਉਨ੍ਹਾਂ ਆਪਣੇ ਪਿਤਾ ਮਰਹੂਮ ਮੈਂਬਰ ਪਾਰਲੀਮੈਂਟ ਜਥੇਦਾਰ ਜਗਦੇਵ ਸਿੰਘ ਖੁੱਡੀਆਂ ਦੇ ਦਿਖਾਏ ਸੱਚ ਅਤੇ ਇਮਾਨਦਾਰੀ ਦੇ ਮਾਰਗ 'ਤੇ ਚੱਲ ਕੇ ਲੋਕ ਸੇਵਾ ਕਰਨ ਦਾ ਭਰੋਸਾ ਦਿੱਤਾ। ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਵੱਲੋਂ ਏਮਜ਼ ਦਾ ਪ੍ਰਚਾਰ ਕੀਤੇ ਜਾਣ 'ਤੇ ਉਨ੍ਹਾਂ ਟਿੱਪਣੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਾਰੇ ਸੂਬਿਆਂ ਵਿਚ ਏਮਜ਼ ਬਣਾਏ ਗਏ ਸਨ ਅਤੇ ਪੰਜਾਬ ਲਈ ਕੇਂਦਰ ਸਰਕਾਰ ਵੱਲੋਂ ਏਮਜ਼ ਲਈ ਬਠਿੰਡਾ ਨੂੰ ਚੁਣਿਆ ਗਿਆ ਸੀ। ਉਨ੍ਹਾਂ ਕਿਹਾ ਕਿ ਹਰਸਿਮਰਤ ਕੌਰ ਬਾਦਲ ਇਹ ਦੱਸਣ ਕਿ ਉਹ ਬਠਿੰਡਾ ਨੂੰ ਚੰਡੀਗੜ੍ਹ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲ ਲਿੰਕ ਨਾਲ ਕਿਉਂ ਨਹੀਂ ਜੋੜ ਸਕੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਅਹਿਮ ਕਦਮ ਚੁੱਕੇ ਹਨ। ਲੋਕਾਂ ਨੂੰ 600 ਯੂਨਿਟ ਫਰੀ ਬਿਜਲੀ ਦਿੱਤੀ ਗਈ ਹੈ, ਜਿਸ ਨਾਲ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜੀਰੋ ਆ ਰਹੇ ਹਨ। ਆਮ ਆਦਮੀ ਕਲੀਨਕਾਂ ਵਿਚ ਲੋਕ ਆਪਣਾ ਮੁਫਤ ਇਲਾਜ ਕਰਵਾ ਕੇ ਲਾਭ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪਹਿਲੀ ਸਰਕਾਰ ਹੈ ਜਿਸ ਨੇ ਭ੍ਰਿਸ਼ਟਾਚਾਰੀਆਂ ਨੂੰ ਫੜ ਕੇ ਜੇਲ੍ਹਾਂ ਵਿਚ ਸੁੱਟਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੂਰੀ ਤਰ੍ਹਾਂ ਰਿਸ਼ਵਤ ਬੰਦ ਨਹੀਂ ਹੋਈ ਪਰ ਫਿਰ ਵੀ ਰਿਸ਼ਵਤਖੋਰਾਂ ਨੂੰ ਵੱਡਾ ਡਰ ਬਣਿਆ ਹੈ ਤੇ ਰਿਸ਼ਵਤ ਕਾਫੀ ਘਟੀ ਹੈ। ਜਥੇਦਾਰ ਖੁੱਡੀਆਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਨੇ ਤਾਣਾ ਬਾਣਾ ਹੀ ਇਨ੍ਹਾਂ ਖਰਾਬ ਕੀਤਾ ਹੋਇਆ ਹੈ ਕਿ ਉਸ ਨੂੰ ਠੀਕ ਕਰਨ ਲਈ ਸਮਾਂ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਨੂੰ ਇਕ ਵਾਰ ਪਾਰਲੀਮੈਂਟ ਵਿਚ ਭੇਜੋ ਅਤੇ ਤੁਹਾਡੇ ਮਸਲੇ ਹੱਲ੍ਹ ਕਰਨ ਦੀ ਜਿੰਮੇਵਾਰੀ ਮੇਰੀ ਹੋਵੇਗੀ। ਇਸ ਮੌਕੇ ਭੁੱਚੋ ਹਲਕੇ ਦੇ ਵਿਧਾਇਕ ਮਾਸਟਰ ਜਗਸੀਰ ਸਿੰਘ, ਬਠਿੰਡਾ ਸ਼ਹਿਰੀ ਦੇ ਵਿਧਾਇਕ ਜਗਰੂਪ ਸਿੰਘ ਗਿੱਲ, ਚੇਅਰਮੈਨ ਨਗਰ ਸੁਧਾਰ ਟਰਸਟ ਜਤਿੰਦਰ ਭੱਲਾ, ਚੇਅਰਮੈਨ ਸ਼ੂਗਰਫੈਡ, ਨਵਦੀਪ ਸਿੰਘ ਜੀਦਾ, ਚੇਅਰਮੈਨ ਵਣ ਵਿਭਾਗ ਰਕੇਸ਼ ਪੁਰੀ, ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ, ਚੇਅਰਮੈਨ ਅਨਿਲ ਠਾਕੁਰ, ਚੇਅਰਮੈਨ ਨੀਲ ਗਰਗ, ਜ਼ਿਲ੍ਹਾ ਸ਼ਹਿਰੀ ਦੇ ਪ੍ਰਧਾਨ ਸੁਰਿੰਦਰ ਸਿੰਘ ਬਿੱਟੂ, ਮਹਿਲਾ ਵਿੰਗ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਸਤਬੀਰ ਕੌਰ, ਮਹਿਲਾ ਵਿੰਗ ਦੀ ਸਾਬਕਾ ਸੂਬਾ ਪ੍ਰਧਾਨ ਬਲਜਿੰਦਰ ਕੌਰ ਤੁੰਗਵਾਲੀ, ਆਗੂ ਮਨਦੀਪ ਕੌਰ ਰਾਮਗੜੀਆ, ਪ੍ਰਿੰਸ ਗੋਲਣ ਭੁੱਚੋ ਮੰਡੀ ਅਤੇ ਸੁਮੀਤ ਸਿੰਘ ਖੁੱਡੀਆਂ ਹਾਜ਼ਰ ਸਨ।



# ਕੁਸ਼ਟ ਆਸ਼ਰਮ ਦੇ ਵਸਨੀਕਾਂ ਨੂੰ ਰੋਟਰੀ ਕਲੱਬ ਨੇ ਦਿੱਤਾ ਰਾਸ਼ਨ



ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਸਮਾਜ ਸੇਵੀ ਕਾਰਜ ਕਰਦੀ ਆ ਰਹੀ ਰੋਟਰੀ ਕਲੱਬ ਫ਼ਿਰੋਜ਼ਪੁਰ ਰਾਇਲ ਵੱਲੋਂ ਅੱਜ ਕੁਸ਼ਟ ਆਸ਼ਰਮ ਫ਼ਿਰੋਜ਼ਪੁਰ ਵਿਖੇ ਪਹੁੰਚ ਕੀਤੀ ਗਈ, ਜਿਥੇ ਕੁਸ਼ਟ ਰੋਗੀਆਂ ਦਾ ਹਾਲ—ਚਾਲ ਪੁਛਣ ਤੋਂ ਇਲਾਵਾ ਉਨ੍ਹਾਂ ਦੀਆਂ ਜ਼ਰੂਰਤਾਂ ਪੁੱਛੀਆਂ ਗਈਆਂ। ਕੁਸ਼ਟ ਆਸ਼ਰਮ ਪੁੱਜੇ ਰੋਟਰੀ ਕਲੱਬ ਫ਼ਿਰੋਜ਼ਪੁਰ ਰਾਇਲ ਦੀ ਟੀਮ ਨੇ ਕੁਸ਼ਟ ਰੋਗੀਆਂ ਨੂੰ ਰਾਸ਼ਨ ਮੁਹਇਆ ਕਰਵਾਇਆ ਗਿਆ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਮੁਤਾਬਿਕ ਹੋਰ ਸਮਾਨ ਦੇਣ ਦਾ ਵੀ ਵਾਅਦਾ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਗੋਪਾਲ ਸਿੰਗਲਾ ਨੇ ਦੱਸਿਆ ਕਿ ਅੱਜ ਕੁਸ਼ਟ ਆਸ਼ਰਮ ਵਿਖੇ ਆਟਾ, ਦਾਲ, ਚਾਵਲ ਅਤੇ ਮਸਾਲੇ ਆਦਿ ਮੁਹਇਆ ਕਰਵਾਏ ਗਏ ਹਨ। ਇਸ ਮੌਕੇ ਸੰਦੀਪ ਤਿਵਾੜੀ, ਸੰਦੀਪ ਅਗਰਵਾਲ, ਵਿਪਨ ਅਰੋੜਾ ਆਦਿ ਹਾਜ਼ਰ ਸਨ।

# ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਅਤੇ ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਹੈਡ ਗ੍ਰੰਥੀ ਭਾਈ ਪਰਮਜੀਤ ਸਿੰਘ ਨੇ ਕਥਾ ਕੀਤੀ। ਇਸ ਮੌਕੇ ਤੇ ਡੇਰਾ ਕਾਰ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਨੇ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਵਿਸਾਖੀ ਸਿੱਖ ਪੰਥ ਦਾ ਇਕ ਉਤਮ ਤਿਉਹਾਰ ਹੈ, ਇਸ ਦਿਨ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਸਿੰਘ ਸਜਾਇਆ ਅਤੇ ਬਾਅਦ ਵਿਚ ਉਨ੍ਹਾਂ ਕੋਲੋਂ ਅੰਮ੍ਰਿਤ ਛਕਿਆ ਅਤੇ ਖਾਲਸਾ ਸਜਾਇਆ, ਸਾਨੂੰ ਇਹ ਦਿਨ ਬੜੇ ਹੀ ਉਤਸ਼ਾਹ ਨਾਲ ਮਨਾਉਣਾ ਚਾਹੀਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ 13 ਅਪ੍ਰੈਲ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਜੰਡ ਸਾਹਿਬ ਵਿਖੇ ਬਹੁਤ ਭਾਰੀ ਅੰਮ੍ਰਿਤ ਸੰਚਾਰ ਹੋ ਰਿਹਾ ਹੈ, ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ। ਇਸ ਮੌਕੇ ਤੇ ਇਕ ਹੋਮਿਓਪੈਥਿਕ ਕੈਂਪ ਵੀ ਲਾਇਆ ਗਿਆ, ਜਿਸ ਵਿਚ ਡਾ: ਜਗਦੀਪ ਸਿੰਘ, ਡਾ: ਸਿਮਰਤ ਕੌਰ ਮਰੀਜਾਂ ਨੂੰ ਚੈਕਅਪ ਕਰਕੇ ਦਵਾਈਆਂ ਦੇਣਗੇ। ਇਸ ਮੌਕੇ ਤੇ ਬਾਬਾ ਜੀ ਨੇ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕਰਵਾਇਆ। ਇਸ ਮੌਕੇ ਤੇ ਭਾਈ ਗੁਰੁੱਖ ਸਿੰਘ, ਭਾਈ ਸ਼ੇਰ ਸਿੰਘ, ਜਥੇਦਾਰ ਗੁਰਮੀਤ ਸਿੰਘ ਮੀਤਾ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।


# ਗੁਰੂ ਸਾਹਿਬ ਗਲੀ ਖਾਂ ਨਬੀ ਖਾਂ ਨੂੰ ਪੁੱਤਰਾਂ ਵਾਂਗ ਕਰਦੇ ਸਨ ਪਿਆਰ—ਭੁੱਲਰ

ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਨਬੀ ਖਾਨ, ਗਨੀ ਖਾਨ ਜ਼ੋ ਘੋੜਿਆਂ ਦੇ ਵਪਾਰੀ ਸਨ, ਜ਼ੋ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਜੰਗ ਦੇ ਮੈਦਾਨ ਵਿਚ ਝੁਜਨ ਵਾਲੇ ਘੋੜੇ ਲਿਆ ਕੇ ਦਿਆ ਕਰਦੇ ਸਨ। ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਜਰਨਲ ਸਕੱਤਰ ਜਤਿੰਦਰ ਸਿੰਘ, ਸਰਵਨ ਸਿੰਘ, ਮੀਤ ਪ੍ਰਧਾਨ ਹਰਜੀਤ ਸਿੰਘ, ਚੇਅਰਮੈਨ ਹਰੀਪਾਲ ਸਿੰਘ ਸਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਬੀ ਖਾਨ, ਗਨੀ ਖਾਨ ਨੂੰ ਆਪਣੇ ਪੁੱਤਰਾਂ ਦੀ ਤਰ੍ਹਾਂ ਪਿਆਰ ਕਰਦੇ ਸਨ, ਜਿਸ ਵੇਲੇ ਗੁਰੂ ਸਾਹਿਬ ਨੂੰ ਚਾਰੇ ਪਾਸੇ ਮੂੰਗਲਾਂ ਨੇ ਘੇਰਾ ਪਾਇਆ ਹੋਇਆ ਸੀ, ਉਸ ਸਮੇਂ ਗਨੀ ਖਾਂ ਨਬੀ ਖਾਂ ਨੇ ਗੁਰੂ ਜੀ ਨੂੰ ਉਚ ਦਾ ਪੀਰ ਬਣਾ ਕੇ ਪੁਲਿਸ ਘੇਰੇ ਵਿਚੋਂ ਕੱਢਣ ਲਈ ਇਹ ਵਧੀਆ ਪਲੰਗ ਉਪਰ ਬਿਠਾ ਕੇ ਉੱਚ ਦਾ ਪੀਰ ਦਰਸਾ ਕੇ ਘੇਰਾ ਤੋੜਿਆ ਸੀ। ਗੁਰੂ ਸਾਹਿਬ ਜੀ ਨੇ ਖੁਸ਼ ਹੋ ਕੇ ਇਕ ਪੱਤਰ ਇਨ੍ਹਾਂ ਨੂੰ ਲਿਖ ਕੇ ਦਿੱਤਾ, ਇਹ ਦੋਨੋਂ ਮੇਰੇ ਪੁੱਤਰਾਂ ਵਰਗੇ ਹਨ, ਜਿਹੜਾ ਮੇਰਾ ਸਿੱਖ ਇਨ੍ਹਾਂ ਦੀ ਨਬੀ ਖਾਨ ਅਤੇ ਗਨੀ ਖਾਂ ਦੀ ਮੱਦਦ ਕਰੇਗਾ, ਉਹ ਸਿੱਖ ਮੇਰੀ ਮੱਦਦ ਕਰੇਗਾ। ਇਹ ਪਰਿਵਾਰ ਪਾਕਿਸਤਾਨ ਵਿਖੇ ਰਹਿ ਰਿਹਾ ਹੈ, ਇਹ ਪੱਤਰ ਉਸ ਪਰਿਵਾਰ ਕੋਲ ਅਤੇ ਇਕ ਕਾਪੀ ਸਾਡੇ ਤੇ ਪੁਰਾਣੇ ਇਤਿਹਾਸਕ ਪਰਿਵਾਰ ਪਾਕਿਸਤਾਨ ਰਹਿੰਦੇ ਹਨ, ਜ਼ੋ ਫ਼ਿਰੋਜ਼ਪੁਰ ਦੋ ਵਾਰੀ ਆ ਚੁੱਕੇ ਹਨ, ਗੁਰੂ ਸਾਹਿਬ ਜੀ ਦਾ ਨਾਮ ਦਸਤਖਤਾਂ ਸਮੇਤ ਦੁਨੀਆਂ ਭਰ ਵਿਚੋਂ ਇਕ ਹੀ ਫੋਟੋ ਕਾਪੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੈਰ ਤਰੀਕੇ ਨਾਲ

# ਪੁਲਿਸ ਨੇ ਸਾਨੂੰ ਕੀਤਾ ਗ੍ਰਿਫਤਾਰ—ਜਸਕਰਨ ਸਿੰਘ ਕਾਹਨ ਸਿੰਘ ਵਾਲਾ



ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਸੈਂਟਰ ਦੀ ਮੋਦੀ ਹਕੂਮਤ ਨਾਲ ਮਿਲਕੇ ਭਗਵੰਤ ਮਾਨ ਦੀ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨ ਨੂੰ ਖੁੱਲ੍ਹੀ ਛੁੱਟੀ ਦੇ ਕੇ ਇਕ ਗੈਰਕਾਨੂੰਨੀ ਨੀਤੀ ਵਰਤ ਕੇ ਪੰਜਾਬ ਪੁਲਿਸ ਰਾਹੀਂ ਪੰਜਾਬ ਅੰਦਰ ਹਫੜਾ—ਦਫੜੀ ਕਰਕੇ ਬਹੁਤੇ ਆਗੂਆਂ ਨੂੰ ਘਰਾਂ ਵਿੱਚ ਹਾਊਸ ਅਰੈਸ਼ਟ ਕਰ ਦਿੱਤਾ ਹੈ। ਇਹ ਵਿਚਾਰ ਸਾਂਝੇ ਕਰਦਿਆਂ ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਕਿਹਾ ਕਿ ਭਾਈ ਅਮ੍ਰਿਤਪਾਲ ਸਿੰਘ ਦੇ ਮਾਤਾ ਨੂੰ ਤਖਤ ਸ੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਂਸ਼ੀ) ਵਿਖੇ ਆਉਂਦਿਆਂ ਗਿਰਫਤਾਰ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਹਨ, ਕਿਉਂਕਿ ਅੱਜ 8 ਅਪ੍ਰੈਲ 2024 ਨੂੰ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਖਾਲਸਾ ਵਹੀਰ ਦੇ ਰੂਪ ਵਿੱਚ ਚੇਤਨਾ ਮਾਰਚ ਸ੍ਰੀ ਅਕਾਲ ਤਖਤ ਸਾਹਿਬ ਤੱਕ ਪਿੰਡਾਂ—ਸ਼ਹਿਰਾਂ ਵਿਚ ਦੀ ਹੁੰਦੇ—ਹੋਏ ਰਸਤੇ ਵਿੱਚ ਕੁੱਝ ਥਾਵਾਂ ਤੇ ਵਿਸ਼ਰਾਮ ਕਰਨ ਉਪਰੰਤ 11 ਅਪ੍ਰੈਲ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਪਹੰਚਣਾ ਸੀ। ਭਾਈ ਅਮ੍ਰਿਤਪਾਲ ਸਿੰਘ ਦੇ ਪਰਿਵਾਰ ਸਮੇਤ ਸਿੱਖ ਕੌਮ ਦਾ ਹੁਕਮ ਮੰਨਦੇ ਹੋਏ ਸ੍ਰੋਮਣੀ ਅਕਾਲੀ ਦਲ (ਫਤਹਿ) ਨੇ ਵੀ ਆਪਣਾ ਕੌਮੀ ਫਰਜ਼ ਸਮਝ ਕੇ ਪਾਰਟੀ ਬਾਜੀ ਤੋਂ ਉਪੱਰ ਉੱਠ ਕੇ ਪੂਰੀ ਜੱਥੇਬੰਦੀ ਸਮੇਤ ਸ਼ਾਮਲ ਹੋਣ ਦਾ ਫਰਜ਼ ਅਦਾ ਕੀਤਾ ਸੀ ਤੇ ਪੁਲਿਸ ਨੇ ਵੱਖ—ਵੱਖ ਜ਼ਿਲ੍ਹਿਆਂ ਵਿੱਚ ਜੋਬਨਦੀਪ ਸਿੰਘ ਸਿੱਧੂ, ਸੁਰਿੰਦਰ ਸਿੰਘ ਨਥਾਣਾ, ਸੁਖਚੈਨ ਸਿੰਘ ਅਤਲਾ, ਸਤਨਾਮ ਸਿੰਘ ਬਿਲਾਸਪੁਰ, ਪ੍ਰਿਤਪਾਲ ਸਿੰਘ ਸ੍ਰੀ ਅਮ੍ਰਿਤਸਰ ਸਾਹਿਬ, ਅਮ੍ਰਿਤਪਾਲ ਸਿੰਘ ਲੌਂਗੋਵਾਲ, ਭੁਪਿੰਦਰ ਸਿੰਘ ਮਸੀਂਗਣ ਪਟਿਆਲਾ, ਪ੍ਰਗਟ ਸਿੰਘ ਮੱਖੂ ਫਿਰੋਜ਼ਪੁਰ, ਪਰਮਜੀਤ ਸਿੰਘ ਅਬੋਹਰ, ਗੱਗੀ ਬਰਨਾਲਾ, ਦਰਸ਼ਨ ਸਿੰਘ ਮਾਣੂਕੇ ਮੋਗਾ, ਜਸਵੰਤ ਸਿੰਘ ਚੀਮਾ ਲੁਧਿਆਣਾ ਆਦਿ ਆਗੂਆਂ ਸਮੇਤ ਬਹੁਗਿਣਤੀ ਵਿੱਚ ਵਰਕਰਾਂ ਨੂੰ ਆਪਣੇ ਘਰਾਂ ਵਿੱਚ ਜਾਨਵਰਾਂ ਦੇ ਪਿੰਜਰਿਆਂ ਦੀ ਤਰ੍ਹਾਂ ਨਜ਼ਰਬੰਦ ਕਰਕੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰ ਦਿੱਤੀ ਹੈ, ਪਰ ਸ੍ਰੋਮਣੀ ਅਕਾਲੀ ਦਲ (ਫਤਹਿ) ਪਾਰਟੀ ਦੇ ਕੌਮੀ ਪ੍ਰਧਾਨ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਅਤੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਪ੍ਰਧਾਨ ਜਥੇਦਾਰ ਲਖਵੀਰ ਸਿੰਘ ਖਾਲਸਾ ਸੌਂਟੀ ਤੇ ਜਰਨਲ ਸਕੱਤਰ ਕਸ਼ਮੀਰ ਸਿੰਘ ਨਵਾਦਾ ਸਮੇਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਤਖਤ ਸ੍ਰੀ ਦਮਦਮਾ ਸਾਹਿਬ ਤੇ ਆਪਣਾ ਕੌਮੀ ਫਰਜ਼ ਸਮਝਦੇ ਹੋਏ ਗੁਰੂ ਦੇ ਨਮਾਣੇ ਸਿੱਖਾਂ ਵਜੋਂ ਪਹੁੰਚ ਗਏ। ਉਨ੍ਹਾਂ ਕਿਹਾ ਕਿ ਜਦ ਪੁਲਿਸ ਨੂੰ ਸੂਹ ਮਿਲੀ ਤਾਂ ਪੁਲਿਸ ਪ੍ਰਸ਼ਾਸਨ ਵਿੱਚ ਹਫੜਾ—ਦਫੜੀ ਫੈਲ ਗਈ ਤੇ ਤੁਰੰਤ ਐਸ.ਐਸ.ਪੀ ਬਠਿੰਡਾ ਵਰਦੀਧਾਰੀ ਪੁਲਿਸ ਮੁਲਾਜ਼ਮਾਂ ਨਾਲ ਗੈਰਕਾਨੂੰਨੀ ਢੰਗ ਨਾਲ ਤਖਤ ਸ੍ਰੀ ਦਮਦਮਾ ਸਾਹਿਬ ਦੇ ਕੰਪਲੈਕਸ ਅੰਦਰ ਦਾਖਲ ਹੋ ਗਏ ਤੇ ਵਾਰੀ—ਵਾਰੀ ਵੱਖ—ਵੱਖ ਫੋਨਾਂ ਤੋਂ ਹਮਾਇਤੀ ਬਣਕੇ ਤੇ ਸਿੱਧੇ ਰੂਪ ਵਿੱਚ ਵੀ ਪੁਲਿਸ ਪ੍ਰਸ਼ਾਸਨ ਸਵੇਰੇ 2 ਵਜੇ ਤੱਕ ਸਾਨੂੰ ਪ੍ਰੇਸ਼ਾਨ ਕਰਦਾ ਰਿਹਾ। ਉਨ੍ਹਾਂ ਕਿਹਾ ਕਿ ਜਦ ਅਸੀਂ ਉਨ੍ਹਾਂ ਦੀ ਕਿਸੇ ਵੀ ਗੱਲ ਤੇ ਧਿਆਨ ਨਹੀਂ ਦਿੱਤਾ ਤਾਂ ਪੁਲਿਸ ਪ੍ਰਸ਼ਾਸਨ ਨੇ ਸਾਰੀ ਰਾਤ ਗੈਰ—ਵਰਦੀਧਾਰੀ ਪੁਲਿਸ ਮੁਲਾਜ਼ਮ ਬੀਬੀਆਂ ਸਮੇਤ ਘੁੰਮਦੇ ਰਹੇ ਤੇ ਜਿਥੇ ਅਸੀਂ ਠਹਿਰੇ ਹੋਏ ਸੀ ਉਸ ਜਗ੍ਹਾ ਤੇ ਵੀ ਗੈਰ—ਵਰਦੀਧਾਰੀ ਭੇਸ ਬਦਲ ਕੇ ਸਾਡੇ ਆਲੇ—ਦੁਆਲੇ ਘੁੰਮਦੇ ਰਹੇ। ਅਖੀਰ ਸਵੇਰੇ ਸਾਢੇ ਤਿੰਨ ਵਜ ਗੈਰ—ਵਰੀਧਾਰੀ ਪੁਲਿਸ ਅ਼ਫ਼ਸਰਾਂ ਸਮੇਤ ਮੁਲਾਜ਼ਮ ਸਾਡੇ ਸੁੱਤੇ ਪਇਆਂ ਦੇ ਗੈਰਕਾਨੂੰਨੀ ਢੰਗ ਨਾਲ ਕਮਰੇ ਵਿੱਚ ਦਾਖਲ ਹੋ ਕੇ ਸਾਡੇ ਮੋਬਾਇਲ ਫੋਨ ਚੁੱਕ ਲਏ ਤੇ ਸਾਨੂੰ ਤਿੰਨਾਂ ਨੂੰ ਗ੍ਰਿਫਤਾਰ ਕਰ ਲਿਆ ਤੇ ਨਾਲ ਜਾਣ ਲਈ ਕਿਹਾ ਤੇ ਜਦੋਂ ਅਸੀਂ ਸਿਧਾਂਤਿਕ ਵਿਰੋਧ ਕੀਤਾ ਤਾਂ ਪੁਲਿਸ ਅਫਸਰਾਂ ਨੇ ਕਿਹਾ ਕੇ ਸਾਡੇ ਵਸਦੀ ਗੱਲ ਨਹੀਂ ਇਹ ਹੁਕਮ ਉਪੱਰੋਂ ਆਏ ਹਨ ਇਥੇ ਹੁਣ ਇਕ ਬਹੁਤ ਵੱਡਾ ਸਵਾਲ ਉਠੱਦਾ ਹੈ ਕਿ ਤਖਤ ਸ੍ਰੀ ਦਮਦਮਾ ਸਾਹਿਬ ਜੋ ਸਿੱਖ ਕੌਮ ਦਾ ਸਿਧਾਂਤਿਕ ਸੋਮਾ ਹੈ ਉਸ ਵਿੱਚ ਗੈਰਵਰਦੀਧਾਰੀ ਪੁਲਿਸ ਬਿਨਾਂ ਇਜ਼ਾਜਤ ਤੋਂ ਕਿਵੇਂ ਅਤੇ ਕਿਉਂ ਦਾਖਲ ਹੋਈ। ਉਨ੍ਹਾਂ ਕਿਹਾ ਕਿ ਕੀ ਪੁਲਿਸ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਪ੍ਰਬੰਧਕ ਤੇ ਜੱਥੇਦਾਰ ਸਾਬ੍ਹ ਤੋਂ ਸਾਡੇ ਕਮਰਾ ਨੰਬਰ 417 ਵਿੱਚ ਦਾਖਲ ਹੋਣ ਉਪਰੰਤ ਸਾਨੂੰ ਗੈਰਕਾਨੂੰਨੀ ਢੰਗ ਨਾਲ ਗਿਰਫਤਾਰ ਕਰਨ ਦੀ ਇਜ਼ਾਜਤ ਲਈ ਸੀ ਜੇਕਰ ਇਜਾਜ਼ਤ ਦਿੱਤੀ ਹੈ ਤਾਂ ਕਿਉਂ ਦਿੱਤੀ, ਜੇਕਰ ਨਹੀਂ ਦਿੱਤੀ ਤਾਂ ਫਿਰ ਪੁਲਿਸ ਨੂੰ ਗੈਰ—ਵਰਦੀਧਾਰੀ ਹੋਕੇ ਅੰਦਰ ਆਉਣ ਦੀ ਜੁਰਅਤ ਕਿਵੇਂ ਪਈ, ਕੀ ਗੁਰੂ ਘਰ ਦੇ ਪ੍ਰਬੰਧਕਾਂ ਦਾ ਕੌਮੀ ਫਰਜ਼ ਨਹੀਂ ਕਿ ਪੁਲਿਸ ਸਾਡੇ ਧਾਰਮਿਕ ਅਸਥਾਨਾਂ ਵਿੱਚ ਬਿਨਾਂ ਇਜਾਜ਼ਤ ਤੋਂ ਕਦੇ ਵੀ ਗੁਰੂ ਘਰਾਂ ਅੰਦਰ ਨਹੀਂ ਆ ਸਕਦੀ। ਉਨ੍ਹਾਂ ਕਿਹਾ ਕਿ ਜਦੋਂ ਸਾਨੂੰ ਉਸ ਜਗ੍ਹਾ ਤੋਂ ਗਿਰਫਤਾਰ ਕਰਕੇ ਲੈਕੇ ਗਏ ਹਨ ਤਾਂ ਗੁਰੂ ਘਰ ਦਾ ਕੋਈ ਪ੍ਰਬੰਧਕ ਤੇ ਮੁਲਾਜ਼ਮ ਬੋਲਿਆ ਹੀ ਨਹੀਂ ਤੇ ਸਾਰੇ ਸੁਸਰੀ ਤਰ੍ਹਾਂ ਸੁੰਨ ਹੋਏ ਪਏ ਸਨ, ਹੁਣ ਇਹ ਵੀ ਸ਼ਪਸ਼ਟ ਕੀਤਾ ਜਾਵੇ ਕੀ ਅਸੀਂ ਕੋਈ ਅਪਰਾਧ ਕੀਤਾ ਸੀ, ਨਹੀਂ ਅਸੀਂ ਤਾਂ ਪੰਥਕ ਕਾਰਜ ਲਈ ਆਏ ਸੀ ਜੇਕਰ ਪੰਥਕ ਕਾਰਜ ਨਿਭਾਉਣਾ ਸਿੱਖ ਕੌਮ ਲਈ ਜੁਰਮ ਹੈ ਤਾਂ ਫਿਰ ਯਾਦ ਰੱਖਿਓ ਕਿ ਇਨ੍ਹਾਂ ਹੁਕਮਰਾਨਾਂ ਨੇ ਤੁਹਾਡੇ ਸਾਰੇ ਧਾਰਮਿਕ ਕਾਰਜਾਂ ਤੇ ਗੈਰਕਾਨੂੰਨੀ ਪਾਬੰਦੀਆਂ ਲਾਕੇ ਤੁਹਾਨੂੰ ਵੀ ਗੈਰਵਰਦੀਧਾਰੀ ਪੁਲਿਸ ਅਫਸਰ ਤੇ ਮੁਲਾਜ਼ਮ ਜਦੋਂ ਮਰਜੀ ਗਿਰਫਤਾਰ ਕਰਕੇ ਲੈ ਜਾਇਆ ਕਰਨਗੇ। ਇਸ ਲਈ ਤੁਹਾਡੀ ਚੁੱਪ ਤੇ ਪੁਲਿਸ ਨੂੰ ਬਿਨਾਂ ਇਜ਼ਾਜਤ ਅੰਦਰ ਦਾਖਲ ਹੋਣ ਦੇਣਾ ਸਿੱਖ ਕੌਮ ਲਈ ਖਤਰੇ ਦੀ ਘੰਟੀ ਹੈ ਸੋ ਗੈਰਵਰਦੀਧਾਰੀ ਪੁਲਿਸ ਸਾਨੂੰ ਬਜ਼ਿਦ ਹੋਕੇ ਕੰਪਲੈਕਸ ਵਿੱਚੋਂ ਆਪਣੀਆਂ ਗੱਡੀਆਂ ਵਿੱਚ ਬਿਠਾਕੇ ਬਾਹਰ ਲੈ ਗਈ ਅਤੇ ਅੱਗੇ ਪਹਿਲਾਂ ਹੀ ਵਰਦੀਧਾਰੀ ਪੁਲਿਸ ਛਾਉਣੀ ਦੇ ਰੂਪ ਵਿੱਚ ਖੜੀ ਸੀ ,ਉਨ੍ਹਾਂ ਨੇ ਸਾਨੂੰ ਨਾਲ ਕੇ ਤੇ ਗੈਰਵਰਦੀਧਾਰੀ ਪੁਲਿਸ ਨੂੰ ਪਿੱਛੇ ਕਰਕੇ ਫਰੀਦਕੋਟ ਲਿਆਕੇ ਸਾਡੀ ਭੈਣ ਧੰਨਦੀਪ ਕੌਰ ਅਤੇ ਭਣੋਈਆ ਸਰਦਾਰ ਰਣਜੀਤ ਸਿੰਘ ਸਰਾਂ ਦੇ ਘਰ ਤਕਰੀਬਨ 6 ਵਜੇ ਸਾਬੋ ਕੀ ਤਲਵੰਡੀ ਤੋਂ ਲਿਆਕੇ ਹਾਊਸ ਅਰੈਸ਼ਟ ਕਰ ਦਿੱਤਾ। ਹੁਣ ਪੰਥ ਤੇ ਪੰਜਾਬ ਦੇ ਅਣਖੀ ਤੇ ਗੈਰਤਮੰਦ ਲੋਕ ਸਾਡੇ ਭਰਾ ਤੇ ਭੈਣਾਂ ਸੋਚਣ ਕੀ ਅਸੀਂ ਅਜਾਦ ਹਾਂ ।ਇਸ ਲਈ ਸਾਡਾ ਆਪਣਾ ਦੇਸ਼ ਨਾ ਹੋਣ ਕਰਕੇ ਇਕ ਬੰਦ ਪਿੰਜਰੇ ਵਿੱਚ ਤੋਤੇ ਦੀ ਤਰ੍ਹਾਂ ਗੁਲਾਮਾਂ ਵਾਲੀ ਜਿੰਦਗੀ ਬਤੀਤ ਕਰ ਰਹੇ ਹਾਂ ਇਸ ਲਈ ਗੁਲਾਮੀ ਕਿਹੜਾ ਕੋਈ ਜੱਥੇਬੰਦੀ ਹੈ ਜੋ ਕੁੱਝ ਅੱਜ ਸਾਡੇ ਨਾਲ ਭਗਵੰਤ ਮਾਨ ਸਰਕਾਰ ਨੇ ਦਿੱਲੀ ਹਕੂਮਤ ਦੇ ਇਸ਼ਾਰੇ ਤੇ ਕੀਤਾ ਹੈ ਤੇ ਪਹਿਲਾਂ ਵੀ 1947 ਤੋਂ ਲੈਕੇ ਅੱਜ ਤੱਕ ਹੋ ਰਿਹਾ ਹੈ ਇਹੀ ਤਾਂ ਗੁਲਾਮੀ ਹੈ। ਸਾਨੂੰ ਗੈਰਕਾਨੂੰਨੀ ਢੰਗ ਨਾਲ ਬਿਨਾਂ ਕਿਸੇ ਨੋਟਿਸ ਦਿੱਤਿਆਂ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਬਿਨਾਂ ਇਜ਼ਾਜਤ ਲਏ ਗੈਰਵਰਦੀਧਾਰੀ ਪੁਲਿਸ ਨੇ ਗੈਰਕਾਨੂੰਨੀ ਗੁਰੂ ਘਰ ਅੰਦਰ ਦਾਖਲ ਹੋਕੇ ਸਾਨੂੰ ਗਿਰਫਤਾਰ ਕਰਕੇ ਦਿੱਲੀ ਦੀ ਹਕੂਮਤ ਨੇ ਭਗਵੰਤ ਮਾਨ ਸਰਕਾਰ ਰਾਹੀਂ ਸਾਡੇ ਤਖਤ ਨੂੰ ਸਿੱਧਾ ਚੈਂਲਜ ਕੀਤਾ ਹੈ। ਜਿਸਦਾ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਪ੍ਰਬੰਧਕਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਸਖਤ ਐਕਸ਼ਨ ਲੈਣਾ ਚਾਹੀਦਾ ਹੈ ਤੇ ਇਹੋ ਜਿਹੀਆਂ ਕਾਰਵਾਈਆਂ ਤੇ ਪਾਬੰਦੀ ਲਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਮੁੱਖ ਜੱਜ ਨੂੰ ਸੰਵਿਧਾਨ ਦੀ ਧਾਰਾ ਜੋ 14,19, 21ਦੀ ਹੋਈ ਘੋਰ ਉਲੰਘਣਾ ਦਾ ਸੂਓਮੋਟੋ ਐਕਸ਼ਨ ਲੈਣਾ ਚਾਹੀਦਾ ਹੈ। ਇਸ ਤੋਂ ਇਲਾਵਾ ਨੈਸ਼ਨਲ ਤੇ ਸਟੇਟ ਘੱਟ ਗਿਣਤੀ ਕਮਿਸ਼ਨ ਅਤੇ ਨੈਸ਼ਨਲ ਤੇ ਸਟੇਟ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਵੀ ਇਸ ਗੈਰਕਾਨੂੰਨੀ ਵਰਤਾਰੇ ਤੇ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ ਜੇਕਰ ਪੁਲਿਸ ਨੇ ਇਹ ਮਾਰਚ ਨਹੀਂ ਨਿਕਲਣ ਦੇਣਾ ਸੀ ਤਾਂ ਸਾਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੀ ਹਦੂਦ ਤੋਂ ਬਾਹਰ ਗਿਰਫਤਾਰ ਕੀਤਾ ਜਾ ਸਕਦਾ ਸੀ ਫਿਰ ਅੰਦਰ ਆਉਣ ਦੀ ਗਲਤੀ ਕਿਉਂ ਕੀਤੀ ।ਅਖੀਰ ਵਿੱਚ ਕਾਹਨ ਸਿੰਘ ਵਾਲਾ ਅਤੇ ਨਾਲ ਦੇ ਸਿੰਘਾਂ ਨੇ ਕਿਹਾ ਕਿ ਸਰਕਾਰ ਸਾਡੇ ਗੁਲਾਮ ਬੰਦਿਆਂ ਤੇ ਜਿੰਨਾ ਮਰਜੀ ਜਬਰ ਕਰੇ, ਭਾਵੇਂ ਜੇਲ੍ਹਾਂ ਵਿੱਚ ਭੇਜੇ, ਭਾਵੇਂ ਗ੍ਰਿਫਤਾਰ ਕਰਕੇ ਥਾਣਿਆਂ ਵਿੱਚ ਰੱਖੇ, ਭਾਵੇਂ ਤਸੀਹੇ ਕੇਂਦਰਾਂ ਵਿੱਚ ਲੈ ਕੇ ਜਾਵੇ, ਭਾਵੇਂ ਪਰਿਵਾਰਾਂ ਨੂੰ ਤੰਗ ਕਰੇ, ਭਾਵੇਂ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਪ੍ਰੇਸ਼ਾਨ ਕਰਨ, ਭਾਵੇਂ ਰਿਸਤੇਦਾਰਾਂ, ਸਾਕ ਸੰਬਧੀਆਂ ਅਤੇ ਮਿੱਤਰਾਂ ਨੂੰ ਜਿੰਨਾ ਮਰਜੀ ਡਰਾਵੇ ਧਮਕਾਵੇ ਜਾਂ ਫਿਰ ਸਾਨੂੰ ਸਾਰਿਆਂ ਨੂੰ ਘਰਾਂ ਵਿੱਚ ਨਜ਼ਰਬੰਦ ਕਰੇ। ਅਸੀਂ ਤਾਂ ਅਖੀਰਲੇ ਦਮ ਤੱਕ ਜਿੱਤ ਪ੍ਰਾਪਤ ਕਰਨ ਲਈ ਪੰਥ ਅਤੇ ਦੇਸ਼ ਪੰਜਾਬ ਨੂੰ ਬਚਾਉਣ ਲਈ ਗੁਲਾਮੀ ਵਿੱਚੋਂ ਕੱਢਕੇ ਸਰਕਾਰੇ ਖਾਲਸਾ ਬਣਾਉਣ ਲਈ ਪੰਥਕ ਅਤੇ ਯਮਹੂਰੀ ਢੰਗ ਨਾਲ ਆਖਰੀ ਦਮ ਤੱਕ ਲੜਦੇ ਰਹਾਂਗੇ।

ਭਾਰਤੀ ਜਨਤਾ ਪਾਰਟੀ

# ਮੈਡੀਕਲ ਸੈਲ ਦਾ ਹੋਇਆ ਵਿਸਥਾਰ



ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਭਾਰਤੀ ਜਨਤਾ ਪਾਰਟੀ ਵੱਲੋਂ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਪ੍ਰਧਾਨ ਸ੍ਰੀ ਸੁਨੀਲ ਜਾਖੜ ਦੇ ਦਿਸ਼ਾ—ਨਿਰਦੇਸ਼ਾਂ ਹੇਠ ਪੰਜਾਬ ਮੈਡੀਕਲ ਸੈਲ ਦਾ ਵਿਸਥਾਰ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਆਗੂਆਂ ਨੇ ਦੱਸਿਆ ਕਿ ਪੰਜਾਬ ਪ੍ਰਧਾਨ ਸੁਨੀਲ ਜਾਖੜ, ਰੰਜਨ ਕਮਰਾ ਵੱਲੋਂ ਪੰਜਾਬ ਮੈਡੀਕਲ ਸੈਲ ਦੇ ਪੰਜਾਬ ਕਨਵੀਨਰ ਡਾ: ਨਰੇਸ਼ ਚੋਹਾਨ ਵੱਲੋਂ ਵੱਖ—ਵੱਖ ਜ਼ਿਲ੍ਹਿਆਂ ਦੇ ਪਰਿਵਾਰਾਂ ਦਾ ਗਠਨ ਕੀਤਾ ਗਿਆ ਹੈ, ਜਿਸ ਦੌਰਾਨ ਪੰਜਾਬ ਕਨਵੀਨਰ ਨਰੇਸ਼ ਚੌਹਾਨ ਨੇ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਮੀਟਿੰਗ ਪੰਜਾਬ ਦੇ ਸਾਬਕਾ ਸੰਸਦੀ ਸਕੱਤਰ ਸੁਖਪਾਲ ਸਿੰਘ ਨੰਨੂ ਦੇ ਗ੍ਰਹਿ ਵਿਖੇ ਕੀਤੀ। ਇਸ ਮੀਟਿੰਗ ਦੀ ਅਗਵਾਈ ਪ੍ਰਧਾਨ ਮੈਡੀਕਲ ਸੈਲ ਦੇ ਪੰਜਾਬ ਕਾਰਜਕਾਰੀ ਮੈਂਬਰ ਰਵਿੰਦਰ ਸਲੂਜਾ ਨੇ ਕੀਤੀ, ਜਿਸ ਵਿਚ ਪੰਜਾਬ ਮੈਡੀਕਲ ਸੈਲ ਦੇ ਕਨਵੀਨਰ ਨਰੇਸ਼ ਚੋਹਾਨ ਨੇ ਜ਼ਿਲ੍ਹਾ ਕਾਰਜਕਾਰਨੀ ਦਾ ਐਲਾਨ ਕੀਤਾ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਸਮਸ਼ੇਰ ਸਿੰਘ ਕਾਕੜ ਜ਼ਿਲ੍ਹਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਸਧਾਰਕ ਦਲਜੀਤ ਸਿੰਘ ਖੁਰਮੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਡਾ: ਚੌਹਾਨ ਨੇ ਦੱਸਿਆ ਕਿ ਜ਼ਿਲ੍ਹਾ ਮੈਡੀਕਲ ਦੇ ਕਨਵੀਨਰ ਡਾ: ਗੁਰਅਵਤਾਰ ਸ਼ਰਮਾ ਬਜੀਦਪੁਰ ਕੋ—ਕਨਵੀਨਰ, ਡਾ: ਤਨੇਸ ਨਾਗਪਾਲ, ਡਾ: ਧੀਰਜ ਦੇਵਗਨ, ਦੀਪਕ ਅਗਰਵਾਲ, ਰਾਜ ਕੁਮਾਰ ਅਗਨੀਹੋਤਰੀ, ਜ਼ਿਲ੍ਹਾ ਕਾਰਜਕਾਰੀ ਮੈਂਬਰ ਡਾ: ਹਰਦੀਪ ਕੁਮਾਰ, ਜ਼ਸਪਾਲ ਸਿੰਘ, ਲਖਵਿੰਦਰ ਸਿੰਘ ਸਹਿਜਾਦੀ, ਗੁਲਾਬ ਸਿੰਘ, ਦਲੇਰ ਸਿੰਘ, ਗੁਰਮੀਤ ਸਿੰਘ, ਕੁਲਦੀਪ ਰਾਏ ਅਤੇ ਹਰਪਾਲ ਸਿੰਘ ਬਣਾਏ ਗਏ ਹਨ। ਡਾਕਟਰ ਚੌਹਾਨ ਨੇ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਪੰਜਾਬ ਦਾ ਸਮੁੱਚਾ ਮੈਡੀਕਲ ਸੈਲ ਪੰਜਾਬ ਦੀਆਂ 13 ਦੀਆਂ 13 ਸੀਟਾਂ ਵਿਚ ਆਪਣਾ ਭਰਪੂਰ ਯੋਗਦਾਨ ਦੇਵੇਗਾ, ਜਿਸ ਵਿਚ ਵੱਖ—ਵੱਖ ਜ਼ਿਲ੍ਹਿਆਂ ਵਿਚ ਪ੍ਰਵਾਸ ਕਰਕੇ ਪਿੰਡ—ਪਿੰਡ ਜਾਣ ਦੀ ਸ਼ੁਰੂਆਤ ਕੀਤੀ ਗਈ ਤਾਂ ਜ਼ੋ ਕੇਂਦਰ ਵਿਚ ਮੋਦੀ ਜੀ ਦੀ ਤੀਸਰੀ ਵਾਰ ਸਰਕਾਰ ਬਣਾਈ ਜਾ ਸਕੇ। ਇਸ ਮੌਕੇ ਭਾਜਪਾ ਓ.ਬੀ.ਸੀ ਮੋਰਚਾ ਪੰਜਾਬ ਦੇ ਸਕੱਤਰ ਡਾ: ਅਰਮਿੰਦਰ ਸਿੰਘ ਫਰਮਾਹ, ਜਰਨਲ ਸਕੱਤਰ ਸੋਨੂੰ ਸੋਢੀ, ਦੇਸ ਰਾਜ, ਬਾਲਮ ਭੱਟੀ, ਦਲੀਪ ਕੁਮਾਰ ਸਕੱਤਰ ਓ.ਬੀ.ਸੀ ਮੋਰਚਾ ਫ਼ਿਰੋਜ਼ਪੁਰ ਆਦਿ ਹਾਜ਼ਰ ਸਨ।

# ਗੁਰ ਮਰਿਆਦਾ ਦੀ ਉਲੰਘਣਾ ਕਰਨ ਵਾਲਿਆਂ ਅਤੇ ਪਖੰਡੀ ਬਾਬਿਆਂ ਵਿਰੁੱਧ ਮੁਹਿੰਮ ਤੇਜ਼ ਕਰਾਂਗੇ—ਭਾਈ ਜਸਪਾਲ ਸਿੰਘ



**ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :—** ਆਪਣੇ ਜਾਤੀ ਮੁਫਾਦਾਂ ਨੂੰ ਮੁੱਖ ਰੱਖ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਆੜ ਹੇਠ ਕੰਮ ਕਰ ਰਹੇ ਲੋਕਾਂ ਵਿਰੁੱਧ ਸਖਤ ਸਟੈਂਡ ਲੈਂਦਿਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਜੁਝਾਰੂ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਇਨ੍ਹਾਂ ਲੋਕਾਂ ਵਿਰੁੱਧ ਮੁਹਿੰਮ ਤੇਜ਼ ਕਰਨ ਦਾ ਐਲਾਨ ਕੀਤਾ ਹੈ। ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਨੇ ਅੱਜ ਇਥੇ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਨੋਟਿਸ ਵਿਚ ਆਇਆ ਹੈ ਕਿ ਕੁਝ ਲੋਕ ਆਪਣੇ ਜਾਤੀ ਮੁਫਾਦਾਂ ਨੂੰ ਮੁੱਖ ਰੱਖ ਕੇ ਗੁਰ ਮਰਿਆਦਾ ਦੀ ਘੋਰ ਉਲੰਘਣਾ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਘੋਰ ਅਪਮਾਨ ਕਰ ਰਹੇ ਹਨ, ਜਿਨ੍ਹਾਂ ਨੂੰ ਕਦੇ ਬਖਸ਼ਿਆ ਨਹੀਂ ਜਾਵੇਗਾ। ਗੁਰਦੁਆਰਿਆਂ ਵਿਚ ਮੂਰਤੀ ਪੂਜਾ ਅਤੇ ਫਕੀਰਾਂ ਦੇ ਚਿਰਾਗ ਜਗਾਉਣ ਵਾਲਿਆਂ ਨੂੰ ਸਖਤ ਸ਼ਬਦਾਂ ਵਿਚ ਚਿਤਾਵਨੀ ਦਿੰਦਿਆਂ ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਗੁਰਦੁਆਰਿਆਂ ਵਿਚ ਕੇਵਲ ਪੰਥਕ ਮਰਿਆਦਾ ਜ਼ੋ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪ੍ਰਵਾਨ ਹੈ, ਉਹੀ ਬਹਾਲ ਕੀਤੀ ਜਾਵੇ, ਨਾ ਕਿ ਆਪਣੇ ਵੱਡ ਵਡੇਰਿਆਂ ਦੀਆਂ ਮੂਰਤੀਆਂ ਬਣਾ ਕੇ ਜਾਂ ਚਿਰਾਗ ਜਗਾ ਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਢਾਹ ਲਾਈ ਜਾਵੇ। ਉਨ੍ਹਾਂ ਪਾਖੰਡੀ ਬਾਬਿਆਂ ਨੂੰ ਵੀ ਸਖਤ ਸ਼.ਬਦਾਂ ਵਿਚ ਤਾੜਨਾ ਕੀਤੀ ਕਿ ਉਹ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ ਆ ਜਾਣ, ਨਹੀਂ ਤਾਂ ਉਨ੍ਹਾਂ ਨੂੰ ਵੀ ਸਿੱਖੀ ਸਿਧਾਤਾਂ ਅਨੁਸਾਰ ਸਜਾ ਮਿਲੇਗੀ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅਖੀਰ ਵਿਚ ਜ਼ੋ ਬਾਬੇ ਤਰ੍ਹਾਂ—ਤਰ੍ਹਾਂ ਦੀਆਂ ਗੱਦੀਆਂ ਲਾ ਕੇ ਆਪਣੇ ਵਿਚ ਕਿਸੇ ਗੈਬੀ ਸ਼ਤੀ ਹੋਣ ਦਾ ਢੌਂਗ ਰਚਦੇ ਹਨ, ਨੂੰ ਵੀ ਤਾੜਨਾ ਕੀਤੀ ਕਿ ਉਹ ਆਪਣੀਆਂ ਦੁਕਾਨਦਾਰੀਆਂ ਤੁਰੰਤ ਬੰਦ ਕਰ ਦੇਣ, ਨਹੀਂ ਤਾਂ ਫ਼ਿਰੋਜ਼ਪੁਰ ਦੀਆਂ ਸਮੁੱਚੀਆਂ ਸਿੱਖ ਜਥੇਬੰਦੀਆਂ ਜ਼ੋ ਫੈਡਰੇਸ਼ਨ ਮਹਿਤਾ ਤੋਂ ਇਲਾਵਾ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਇੰਟਰਨੈਸ਼ਨਲ ਪੰਥਕ ਦਲ, ਏਕਨੂਰ ਖਾਲਸਾ ਫੌਜ਼, ਕਲਗੀਧਰ ਅੰਮ੍ਰਿਤ ਸੰਚਾਰ ਜਥਾ ਸਮੇਤ ਹੋਰ ਵੀ ਜਥੇਬੰਦੀਆਂ, ਇਨ੍ਹਾਂ ਕੰਮਾਂ ਵਿਰੁੱਧ ਸਟੈਂਡ ਲੈ ਰਹੀਆਂ ਹਨ। ਇਸ ਸਮੇਂ ਭਾਈ ਜ਼ਸਪਾਲ ਸਿੰਘ ਤੋਂ ਇਲਾਵਾ ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਨੰਢਾ, ਰਣਜੀਤ ਸਿੰਘ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

# ਨਸ਼ੇ ਦੀ ਓਵਰਡੋਜ਼ ਨੇ ਇਕ ਹੋਰ ਮਾਂ ਤੋਂ ਖੋਹਿਆ ਨੌਜਵਾਨ ਪੁੱਤ



**ਗੁਰੂਹਰਸਹਾਏ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਿੰਡ ਲਾਲਚੀਆਂ ਦੇ ਰਹਿਣ ਵਾਲੇ ਇਕ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਜਾਣ ਦੀ ਸੂਚਨਾ ਮਿਲੀ। ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਮਨਜੀਤ ਸਿੰਘ (25) ਪੁੱਤਰ ਬਖਸ਼ੀਸ਼ ਸਿੰਘ ਵਜੋਂ ਹੋਈ ਹੈ, ਜੋ ਪਿਛਲੇ ਕੁਝ ਸਮੇਂ ਤੋਂ ਨਸ਼ੇ ਕਰਨ ਦਾ ਆਦੀ ਸੀ। ਬੀਤੇ ਸ਼ਨੀਵਾਰ ਦੀ ਸ਼ਾਮ ਨੌਜਵਾਨ ਨੇੜਲੇ ਪਿੰਡ ਜੁਆਏ ਸਿੰਘ ਵਾਲਾ ਦੇ ਕੋਲ ਨਸ਼ੇ ਦੀ ਓਵਰਡੋਜ਼ ਕਾਰਨ ਮੋਟਰਸਾਈਕਲ ਸਮੇਤ ਡਿੱਗਿਆ ਪਿਆ ਸੀ। ਇਸ ਦੌਰਾਨ ਮੌਕੇ ’ਤੇ ਮੌਜੂਦ ਰਾਹਗੀਰਾਂ ਨੇ ਉਸ ਦਾ ਮੋਬਾਈਲ ਚੈੱਕ ਕੀਤਾ ਅਤੇ ਉਸ ਦੇ ਘਰ ਵਾਲਿਆਂ ਨੂੰ ਇਸ ਘਟਨਾ ਸਬੰਧੀ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਪਰਿਵਾਰਕ ਮੈਂਬਰ ਮੌਕੇ ’ਤੇ ਪਹੁੰਚ ਗਏ, ਜੋ ਉਕਤ ਨੌਜਵਾਨ ਨੂੰ ਆਪਣੇ ਘਰ ਲੈ ਆਏ। ਇਸ ਤੋਂ ਬਾਅਦ ਦੇਰ ਰਾਤ ਉਸ ਦੀ ਮੌਤ ਹੋ ਗਈ। ਨਸ਼ੇ ਕਾਰਨ ਨੌਜਵਾਨ ਦੀ ਹੋਈ ਮੌਤ ਨੂੰ ਲੈ ਕੇ ਹਲਕਾ ਵਾਸੀਆਂ ’ਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਘਰ ਵਿਚ ਚੀਕ-ਚਿਹਾੜਾ ਪੈ ਗਿਆ। ਇਸ ਮੌਕੇ ਲੋਕਾਂ ਵੱਲੋਂ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ ਕਿ ਜੋ ਨਸ਼ਾ ਸਮੱਗਲਰ ਇਲਾਕੇ ਅੰਦਰ ਸ਼ਰੇਆਮ ਨਸ਼ਾ ਵੇਚ ਰਹੇ ਹਨ, ਉਨ੍ਹਾਂ ਨੂੰ ਫੜ ਕੇ ਜੇਲ੍ਹ ਵਿਚ ਬੰਦ ਕੀਤਾ ਜਾਵੇ। ਉਨ੍ਹਾਂ ਦੇ ਖ਼ਿਲਾਫ਼ ਬਣਦੀ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਇਸ ਤਰ੍ਹਾਂ ਲੋਕਾਂ ਦੇ ਘਰਾਂ ਦੇ ਚਿਰਾਗ ਨਾ ਬੁੱਝ ਸਕਣ।

# ਵਾਹ ਰੇ ਸਿਆਸਤ ! ਫਿਰੋਜ਼ਪੁਰ ਤੋਂ ਬਸਪਾ ਨੇ ਆਪ ਵਿਧਾਇਕ ਦੇ ਪਿਤਾ ਨੂੰ ਬਣਾਇਆ ਉਮੀਦਵਾਰ



**ਅਬੋਹਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)** -ਜਲਾਲਾਬਾਦ ਤੋਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਜਗਦੀਪ ਗੋਲਡੀ ਕੰਬੋਜ ਦੇ ਪਿਤਾ ਸੁਰਿੰਦਰ ਕੰਬੋਜ ਦੋ ਦਿਨ ਪਹਿਲਾਂ ਬਹੁਜਨ ਸਮਾਜ ਪਾਰਟੀ (ਬਸਪਾ) ਵਿੱਚ ਸ਼ਾਮਲ ਹੋਏ ਸਨ। ਪਾਰਟੀ ਨੇ ਹੁਣ ਉਨ੍ਹਾਂ ਨੂੰ ਫ਼ਿਰੋਜ਼ਪੁਰ ਤੋਂ ਉਮੀਦਵਾਰ ਐਲਾਨ ਦਿੱਤਾ ਹੈ। ਇਹ ਜਾਣਕਾਰੀ ਬਸਪਾ ਦੇ ਕੇਂਦਰੀ ਕੋਆਰਡੀਨੇਟਰ ਰਣਧੀਰ ਸਿੰਘ ਬੈਨੀਪਾਲ ਅਤੇ ਪ੍ਰਧਾਨ ਜਸਬੀਰ ਸਿੰਘ ਗੜ੍ਹੀ ਨੇ ਦਿੱਤੀ। ਉਨ੍ਹਾਂ ਕਿਹਾ ਕਿ ਜਲਦੀ ਹੀ ਸਾਰੀਆਂ ਸੀਟਾਂ ’ਤੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਜਾਵੇਗਾ। ਗੜ੍ਹੀ ਨੇ ਕਿਹਾ ਕਿ ਸੁਰਿੰਦਰ ਸਿੰਘ ਕੰਬੋਜ ਸਿਆਸੀ ਖੇਤਰ ਨਾਲ ਜੁੜੇ ਹੋਏ ਹਨ। ਉਨ੍ਹਾਂ ਦਾ ਪੁੱਤਰ ਜਗਦੀਪ ਗੋਲਡੀ ਜਲਾਲਾਬਾਦ ਤੋਂ ’ਆਪ’ ਦਾ ਵਿਧਾਇਕ ਹੈ। ਗੋਲਡੀ ਕੰਬੋਜ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੂੰ 30,930 ਵੋਟਾਂ ਨਾਲ ਹਰਾਇਆ ਸੀ। ਜਦਕਿ ਪਿਤਾ ਸੁਰਿੰਦਰ ਕੰਬੋਜ ਉਸ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ ਜਿਸ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਮਿਲ ਕੇ ਚੋਣ ਲੜੀ ਸੀ। ਸੂਬਾ ਪ੍ਰਧਾਨ ਜਸਵੀਰ ਸਿੰਘ ਨੇ ਸੁਰਿੰਦਰ ਕੰਬੋਜ ਨੂੰ ਟਿਕਟ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਹਰ ਜਾਤੀ ਅਤੇ ਧਰਮ ਦੇ ਲੋਕਾਂ ਦੀ ਪਾਰਟੀ ਹੈ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਦਾ ਕੰਬੋਜ ਸਮਾਜ ਨਾਲ ਅਟੁੱਟ ਅਤੇ ਗੂੜ੍ਹਾ ਰਿਸ਼ਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV